ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 23 ਅਗਸਤ 2026 (ਨਾਨਕਸ਼ਾਹੀ ਸੰਮਤ : ੫੫੮, ੬ ਭਾਦੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬਠਿੰਡਾ ਦੇ ਬੀਬੀ ਵਾਲਾ ਰੋਡ 'ਤੇ ਸਕੂਲ ਬੱਸ ਨੂੰ ਲੱਗੀ ਅੱਗ, ਬੱਸ 'ਚ ਸਵਾਰ ਸੀ 43 ਬੱਚੇ

**ਬਠਿੰਡਾ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਬਠਿੰਡਾ ਦੇ ਬੀਬੀ ਵਾਲਾ ਰੋਡ 'ਤੇ ਅੱਜ ਉਸ ਸਮੇਂ ਹੜਕੰਪ ਮੱਚ ਗਿਆ, ਜਦੋਂ ਇੱਕ ਨਿੱਜੀ ਸਕੂਲ ਦੀ ਬੱਸ ਨੂੰ ਅਚਾਨਕ ਅੱਗ ਲੱਗ ਗਈ। ਹਾਦਸੇ ਵੇਲੇ ਬੱਸ ਵਿੱਚ ਸਕੂਲ ਦੀ ਛੁੱਟੀ ਤੋਂ ਬਾਅਦ ਘਰਾਂ ਵੱਲ ਜਾ ਰਹੇ 43 ਬੱਚੇ ਸਵਾਰ ਸਨ। ਜਾਣਕਾਰੀ ਮੁਤਾਬਕ ਬੱਸ ਜਦੋਂ ਬੀਬੀ ਵਾਲਾ ਰੋਡ 'ਤੇ ਪਹੁੰਚੀ ਤਾਂ ਅਚਾਨਕ ਇਸ ਵਿੱਚ ਅੱਗ ਲੱਗ ਗਈ। ਅੱਗ ਲੱਗਣ ਤੋਂ ਬਾਅਦ ਬੱਸ ਵਿੱਚ ਸਵਾਰ ਬੱਚਿਆਂ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ। ਹਾਲਾਤ ਨੂੰ ਦੇਖਦਿਆਂ ਡਰਾਈਵਰ ਨੇ ਰਾਹ ਵਿੱਚ ਜਾ ਰਹੇ ਲੋਕਾਂ ਦੀ ਮਦਦ ਲਈ ਅਤੇ ਬੱਸ ਦੇ ਸ਼ੀਸ਼ੇ ਤੋੜ ਕੇ ਬੱਚਿਆਂ ਨੂੰ ਬਾਹਰ ਕੱਢਿਆ।ਡਰਾਈਵਰ ਦੀ ਸੂਝਬੂਝ ਅਤੇ ਰਾਹਗੀਰਾਂ ਦੀ ਮਦਦ ਨਾਲ ਸਾਰੇ 43 ਬੱਚਿਆਂ ਨੂੰ ਸੁਰੱਖਿਅਤ ਬੱਸ ਵਿੱਚੋਂ ਬਾਹਰ ਕੱਢ ਲਿਆ ਗਿਆ। ਇਸ ਘਟਨਾ ਵਿੱਚ ਕਿਸੇ ਬੱਚੇ ਦੇ ਜ਼ਖ਼ਮੀ ਹੋਣ ਦੀ ਜਾਣਕਾਰੀ ਸਾਹਮਣੇ ਨਹੀਂ ਆਈ। ਡਰਾਈਵਰ ਨੇ ਮੁੱਢਲੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੱਸ ਵਿੱਚ ਤਾਰਾਂ ਦੇ ਸ਼ਾਰਟ ਸਰਕਟ ਕਾਰਨ ਅੱਗ ਲੱਗੀ ਹੋਣ ਦਾ ਖ਼ਦਸ਼ਾ ਹੈ। ਘਟਨਾ ਤੋਂ ਬਾਅਦ ਮੌਕੇ 'ਤੇ ਲੋਕਾਂ ਦੀ ਭੀੜ ਇਕੱਠੀ ਹੋ ਗਈ। ਅੱਗ ਲੱਗਣ ਦੇ ਅਸਲ ਕਾਰਨਾਂ ਅਤੇ ਬੱਸ ਦੀ ਤਕਨੀਕੀ ਹਾਲਤ ਸਬੰਧੀ ਜਾਂਚ ਤੋਂ ਬਾਅਦ ਹੀ ਪੂਰੀ ਜਾਣਕਾਰੀ ਸਾਹਮਣੇ ਆਵੇਗੀ।

### ਵਿੱਤ ਮੰਤਰੀ ਹਰਪਾਲ ਚੀਮਾ ਖਿਲਾਫ਼ ਈਟੀਟੀ ਅਧਿਆਪਕਾਂ ਦਾ ਪ੍ਰਦਰਸ਼ਨ

# ਪੁਲਿਸ ਨੇ ਚੁੱਕ-ਚੁੱਕ ਕੇ ਬੱਸਾਂ 'ਚ ਸੁੱਟੇ ਪ੍ਰਦਰਸ਼ਨਕਾਰੀ

**ਚੰਡੀਗੜ੍ਹ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-180 ਤੋਂ ਵੱਧ ਐਲੀਮੈਂਟਰੀ ਟੀਚਰ ਟ੍ਰੇਨਿੰਗ ਅਧਿਆਪਕਾਂ ਨੇ ਆਪਣੇ ਪਰਿਵਾਰਕ ਮੈਂਬਰਾਂ ਨਾਲ ਸ਼ਨੀਵਾਰ ਨੂੰ ਚੰਡੀਗੜ੍ਹ ਵਿੱਚ ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਰਿਹਾਇਸ਼ ਦੇ ਬਾਹਰ ਧਰਨਾ ਦਿੱਤਾ ਗਿਆ। ਪਰੰਤੂ ਪੁਲਿਸ ਨੇ ਅਧਿਆਪਕਾਂ ਨੂੰ ਪ੍ਰਦਰਸ਼ਨ ਤੋਂ ਰੋਕਦਿਆਂ ਚੁੱਕ-ਚੁੱਕ ਬੱਸਾਂ 'ਚ ਚੁੱਕ ਲਿਆ। ਪ੍ਰਦਰਸ਼ਨਕਾਰੀਆਂ ਵੱਲੋਂ ਅੱਜ ਮੰਗਾਂ ਨੂੰ ਲੈ ਕੇ ਵਿੱਤ ਮੰਤਰੀ ਚੀਮਾ ਦੀ ਕੋਠੀ ਦਾ ਘਿਰਾਓ ਕੀਤਾ ਜਾ ਰਿਹਾ ਰਿਹਾ ਸੀ ਪਰੰਤੂ ਚੰਡੀਗੜ੍ਹ ਪੁਲਿਸ ਨੇ ਕਾਰਵਾਈ ਕਰਦੇ ਹੋਏ ਸਾਰੇ ਅਧਿਆਪਕਾਂ ਨੂੰ ਖਦੇੜ ਦਿੱਤਾ। ਵੱਡੀ ਗਿਣਤੀ ਵਿੱਚ ਹਾਜ਼ਰ ਪੁਲਿਸ ਫੋਰਸ ਨੇ ਬਲ ਦਾ ਪ੍ਰਯੋਗ ਕਰਦਿਆਂ ਪ੍ਰਦਰਸ਼ਨਕਾਰੀ ਅਧਿਆਪਕਾਂ ਨੂੰ ਚੁੱਕ-ਚੁੱਕ ਕੇ ਹਿਰਾਸਤ 'ਚ ਲੈਂਦਿਆਂ ਬੱਸਾਂ 'ਚ ਚੁੱਕ ਲਿਆ। ਵੀਡੀਓ ਵਿੱਚ ਪੁਲਿਸ ਵੱਲੋਂ ਅਧਿਆਪਕਾਂ ਦੀ ਖਿੱਚ-ਧੂਹ ਪੂਰੀ ਤਰ੍ਹਾਂ ਸਾਫ਼ ਵਿਖਾਈ ਦੇ ਰਹੀ ਹੈ ਕਿ ਕਿਵੇਂ ਪੁਲਿਸ ਚੁੱਕ-ਚੁੱਕ ਕੇ ਲਿਜਾ ਰਹੀ ਹੈ। ਇਸ ਦੌਰਾਨ ਅਧਿਆਪਕ ਯੂਨੀਅਨ ਦੇ ਔਰਤ ਮੈਂਬਰਾਂ ਨੇ ਪੁਲਿਸ 'ਤੇ ਇਲਜ਼ਾਮ ਲਾਇਆ ਕਿ ਔਰਤ ਅਧਿਆਪਕਾਂ ਨੂੰ ਮਰਦ ਪੁਲਿਸ ਵੱਲੋਂ ਹੱਥ ਲਾਇਆ ਗਿਆ। ਇਹ ਪ੍ਰਦਰਸ਼ਨ 180 ਈਟੀਟੀ ਅਧਿਆਪਕਾਂ ਦੀ ਭਰਤੀ ਪ੍ਰਕਿਰਿਆ ਦੌਰਾਨ ਵਿਭਾਗ ਦੇ ਕਲਰਕਾਂ ਵੱਲੋਂ ਕਥਿਤ ਤੌਰ 'ਤੇ ਵੱਡੇ ਪੱਧਰ 'ਤੇ ਬੇਨਿਯਮੀਆਂ ਅਤੇ ਧੱਕੇਸ਼ਾਹੀ ਦੇ ਵਿਰੋਧ ਵਿੱਚ ਆਯੋਜਿਤ ਕੀਤਾ ਗਿਆ ਸੀ। ਪ੍ਰਦਰਸ਼ਨਕਾਰੀਆਂ ਨੇ ਅੱਗੇ ਦੋਸ਼ ਲਗਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਕਰਵਾਉਣ ਦੇ ਵਾਅਦੇ ਦੇ ਬਾਵਜੂਦ, ਅੱਜ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ, ਉਨ੍ਹਾਂ ਪੰਜਾਬ ਸਰਕਾਰ 'ਤੇ ਈਟੀਟੀ ਭਰਤੀ ਮਾਮਲੇ ਨੂੰ ਲੈ ਕੇ ਬਹਾਨੇ ਬਣਾਉਣ ਦਾ ਦੋਸ਼ ਲਗਾਇਆ।



## 5 ਕਰੋੜ ਦੇ ਦੋਸ਼ਾਂ ਦਾ ਮਾਮਲਾ : ਮੁੱਖ ਮੰਤਰੀ ਮਾਨ ਦੀ ਪਤਨੀ ਨੇ ਸਾਬਕਾ ਜਸਟਿਸ ਰਣਜੀਤ ਸਿੰਘ ਨੂੰ ਭੇਜਿਆ ਕਾਨੂੰਨੀ ਨੋਟਿਸ

**ਚੰਡੀਗੜ੍ਹ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਜ਼ਬਰ-ਜਨਾਹ ਦੇ ਇੱਕ ਮਾਮਲੇ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ 'ਤੇ 5 ਕਰੋੜ ਰੁਪਏ ਦੀ ਮੰਗ ਦੇ ਦੋਸ਼ਾਂ ਦਾ ਮਾਮਲਾ ਭਖਦਾ ਵਿਖਾਈ ਦੇ ਰਿਹਾ ਹੈ। ਹੁਣ ਇਸ ਮਾਮਲੇ 'ਤੇ ਡਾ. ਗੁਰਪ੍ਰੀਤ ਕੌਰ ਨੇ ਮਨੁੱਖੀ ਅਧਿਕਾਰ ਕਮਿਸ਼ਨ ਪੰਜਾਬ ਦੇ ਮੁਖੀ ਸਾਬਕਾ ਜਸਟਿਸ ਰਣਜੀਤ ਸਿੰਘ ਨੂੰ ਕਾਨੂੰਨੀ ਨੋਟਿਸ ਭੇਜਿਆ ਹੈ। ਡਾ. ਗੁਰਪ੍ਰੀਤ ਕੌਰ ਨੇ ਕਾਨੂੰਨੀ ਨੋਟਿਸ ਰਾਹੀਂ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ ਦੇ ਜੀਜਾ ਰਣਜੀਤ ਸਿੰਘ ਨੂੰ 24 ਘੰਟਿਆਂ 'ਚ ਲਾਏ ਦੋਸ਼ਾਂ 'ਤੇ ਜਵਾਬ ਦੇਣ ਲਈ ਕਿਹਾ ਹੈ। ਜੇਕਰ ਉਹ 24 ਘੰਟਿਆਂ 'ਚ ਜਵਾਬ ਨਹੀਂ ਦਿੰਦੇ ਤਾਂ ਉਨ੍ਹਾਂ ਨੂੰ ਅਦਾਲਤ 'ਚ ਪੇਸ਼ ਹੋਣਾ ਪਵੇਗਾ। ਦੱਸ ਦਈਏ ਕਿ ਸਾਬਕਾ ਜਸਟਿਸ ਰਣਜੀਤ ਸਿੰਘ ਨੇ ਬੀਤੇ ਦਿਨੀ ਇੱਕ ਬਲਾਤਕਾਰ ਦੇ ਮਾਮਲੇ ਦਾ ਜ਼ਿਕਰ ਕੀਤਾ ਸੀ, ਜਿਸ ਬਾਰੇ ਉਨ੍ਹਾਂ ਨੇ ਕਿਹਾ ਸੀ ਕਿ ਅੰਮ੍ਰਿਤਸਰ ਦੇ ਵਿੱਚ ਇੱਕ ਕੁੜੀ ਨਾਲ ਜ਼ਬਰ ਜਨਾਹ ਦੀ ਵਾਰਦਾਤ ਵਾਪਰੀ ਸੀ। ਪਰ ਇਸ ਮਾਮਲੇ 'ਤੇ ਪੁਲਿਸ ਵੱਲੋਂ ਕਾਰਵਾਈ ਨਹੀਂ ਕੀਤੀ ਜਾਂਦੀ ਅਤੇ ਉਸ ਕੁੜੀ ਦੇ ਪਰਿਵਾਰ ਨੇ ਹੁਣ ਪੰਜਾਬ ਤੇ ਹਰਿਆਣਾ ਹਾਈਕੋਰਟ 'ਚ ਇੱਕ ਰਿਟ ਲਾਈ ਹੈ ਜਿਸ ਦੇ ਵਿੱਚ ਪੁਲਿਸ ਵੱਲੋਂ ਜਾਂਚ ਨਾ ਕਰਨ ਦੇ ਇਲਜ਼ਾਮ ਲਗਾਏ ਹਨ। ਨਾਲ ਹੀ ਇਸ ਪਟੀਸ਼ਨ 'ਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਦਾ ਨਾਂ ਵੀ ਲਿਖਿਆ ਹੋਇਆ ਹੈ, ਜਿਨ੍ਹਾਂ 'ਤੇ 5 ਕਰੋੜ ਰੁਪਏ ਦੀ ਮੰਗ ਕਰਨ ਦੇ ਇਲਜ਼ਾਮ ਲੱਗ ਰਹੇ ਹਨ।



## ਕੈਨੇਡਾ ਦੇ ਐਡਮਿੰਟਨ 'ਚ ਗੁਰਦੁਆਰਾ ਸਾਹਿਬ 'ਚ ਅਣਪਛਾਤੇ ਸ਼ਖਸ ਵੱਲੋਂ ਚਾਕੂ ਨਾਲ ਹਮਲਾ; 2 ਸ਼ਰਧਾਲੂ ਹੋਏ ਜ਼ਖ਼ਮੀ




**ਟੋਰਾਂਟੋ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਕੈਨੇਡਾ ਦੇ ਅਲਬਰਟਾ ਦੇ ਐਡਮਿੰਟਨ ਵਿੱਚ ਇੱਕ ਗੁਰਦੁਆਰੇ ਦੇ ਅੰਦਰ ਸ਼ੁੱਕਰਵਾਰ ਨੂੰ ਚਾਕੂ ਮਾਰਨ ਦੀ ਘਟਨਾ ਵਾਪਰੀ। ਇੱਕ ਅਣਪਛਾਤੇ ਵਿਅਕਤੀ ਨੇ ਨਾਨਕਸਰ ਗੁਰਦੁਆਰਾ ਗੁਰਸਿੱਖ ਮੰਦਿਰ ਕੰਪਲੈਕਸ ਦੇ ਅੰਦਰ ਦੋ ਲੋਕਾਂ ਨੂੰ ਚਾਕੂ ਮਾਰ ਦਿੱਤਾ। ਇਹ ਘਟਨਾ ਇੱਕ ਵਿਆਹ ਸਮਾਰੋਹ ਤੋਂ ਪਹਿਲਾਂ ਸਵੇਰ ਦੀ ਅਰਦਾਸ (ਅਰਦਾਸ) ਵਿੱਚ ਵਿਘਨ ਪਾਉਣ ਤੋਂ ਬਾਅਦ ਵਾਪਰੀ। ਇਹ ਹਮਲਾ ਐਡਮਿੰਟਨ ਦੇ ਉੱਤਰ-ਪੂਰਬੀ ਬਾਹਰੀ ਇਲਾਕੇ ਵਿੱਚ ਸਥਿਤ ਨਾਨਕਸਰ ਗੁਰਦੁਆਰਾ ਗੁਰਸਿੱਖ ਮੰਦਰ ਵਿੱਚ ਸਵੇਰੇ 5 ਵਜੇ ਤੋਂ ਬਾਅਦ ਹੋਇਆ। ਐਡਮਿੰਟਨ ਪੁਲਿਸ ਦੇ ਅਨੁਸਾਰ, ਅਧਿਕਾਰੀ 14ਵੀਂ ਸਟਰੀਟ ਅਤੇ ਹਾਰਸਹਿਲ ਰੋਡ ਦੇ ਨੇੜੇ ਘਟਨਾ ਵਾਲੀ ਥਾਂ 'ਤੇ ਪਹੁੰਚੇ ਅਤੇ ਸ਼ੱਕੀ ਨੂੰ ਗ੍ਰਿਫ਼ਤਾਰ ਕਰ ਲਿਆ। ਐਮਰਜੈਂਸੀ ਕਰਮਚਾਰੀਆਂ ਨੇ ਦੋ ਬਾਲਗ ਆਦਮੀਆਂ ਦਾ ਇਲਾਜ ਕੀਤਾ, ਹਾਲਾਂਕਿ ਉਨ੍ਹਾਂ ਦੀਆਂ ਸੱਟਾਂ ਜਾਨਲੇਵਾ ਨਹੀਂ ਸਨ। ਪੁਲਿਸ ਨੇ ਹਮਲੇ ਦੇ ਉਦੇਸ਼ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਜਾਂ ਕੀ ਇਸਦੀ ਜਾਂਚ ਨਫ਼ਰਤ ਅਪਰਾਧ ਵਜੋਂ ਕੀਤੀ ਜਾ ਰਹੀ ਹੈ। ਪੁਲਿਸ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਇਹ ਪਤਾ ਲਗਾਉਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਕੀ ਹੋਇਆ ਅਤੇ ਕਿਉਂ। ਗੁਰਦੁਆਰਾ ਪ੍ਰਬੰਧਨ ਦੇ ਪ੍ਰਤੀਨਿਧੀ ਹਰਮਿਕ ਸਹਿਗਲ ਦੇ ਅਨੁਸਾਰ, ਇੱਕ ਸ਼ੱਕੀ ਵਿਅਕਤੀ ਵਿਆਹ ਤੋਂ ਪਹਿਲਾਂ ਦੀ ਸਵੇਰ ਦੀ ਪ੍ਰਾਰਥਨਾ ਦੌਰਾਨ ਗੁਰਦੁਆਰੇ ਵਿੱਚ ਦਾਖਲ ਹੋਇਆ ਅਤੇ ਸੇਵਾ ਵਿੱਚ ਵਿਘਨ ਪਾਉਣਾ ਸ਼ੁਰੂ ਕਰ ਦਿੱਤਾ। ਉਸਨੇ ਅੰਦਰ ਹੰਗਾਮਾ ਕਰਨਾ ਸ਼ੁਰੂ ਕਰ ਦਿੱਤਾ, ਪ੍ਰਾਰਥਨਾ ਵਿੱਚ ਵਿਘਨ ਪਾਇਆ। ਪ੍ਰਾਰਥਨਾ ਕਰਨ ਵਾਲਿਆਂ ਨੇ ਦੇਖਿਆ ਕਿ ਉਸਦਾ ਵਿਵਹਾਰ ਕਿਸੇ ਸ਼ਰਧਾਲੂ ਜਾਂ ਯਾਤਰੀ ਵਰਗਾ ਨਹੀਂ ਸੀ। ਉਨ੍ਹਾਂ ਨੇ ਦੱਸਿਆ ਕਿ ਮੌਜੂਦ ਲੋਕਾਂ ਨੇ ਸ਼ੁਰੂ ਵਿੱਚ ਉਸ ਨਾਲ ਗੱਲ ਕਰਨ ਅਤੇ ਸਥਿਤੀ ਨੂੰ ਸੁਲਝਾਉਣ ਦੀ ਕੋਸ਼ਿਸ਼ ਕੀਤੀ, ਪਰ ਉਸਨੇ ਸਹਿਯੋਗ ਨਹੀਂ ਕੀਤਾ। ਉਹ ਵਿਅਕਤੀ ਕਿਸੇ ਦੀ ਗੱਲ ਸੁਣਨ ਲਈ ਤਿਆਰ ਨਹੀਂ ਸੀ।

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਹੋਈ

# ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਗਏ ਅਹਿਮ ਫੈਸਲੇ



**ਅੰਮ੍ਰਿਤਸਰ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਭਾਈ ਗੁਰਦਾਸ ਜੀ ਤੇ ਸ਼ਹੀਦ ਭਾਈ ਮਨੀ ਸਿੰਘ ਦੇ ਯਾਦਗਾਰੀ ਅਸਥਾਨ ਬਨਾਉਣ, ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸਮੂਹ ਗੁਰਦੁਆਰਾ ਸਾਹਿਬਾਨ ਅੰਦਰ 29 ਅਗਸਤ 2026 ਨੂੰ ਸ੍ਰੀ ਅਖੰਡ ਪਾਠ ਸਾਹਿਬ ਭੋਗ ਪਾ ਕੇ ਸਮੂਹ ਅਰਦਾਸ ਕਰਨ, ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਹਰੀਕੇ ਪੱਤਣ ਵਿਖੇ ਯਾਦਗਾਰ ਬਨਾਉਣ ਦੀ ਪ੍ਰਵਾਨਗੀ ਸਮੇਤ ਕਈ ਅਹਿਮ ਫੈਸਲੇ ਕੀਤੇ ਗਏ। ਹੋਏ ਫੈਸਲਿਆਂ ਬਾਰੇ ਜਾਣਕਾਰੀ ਦਿੰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਸਿੱਖ ਇਤਿਹਾਸ ਅੰਦਰ ਅਹਿਮ ਸਥਾਨ ਰੱਖਣ ਵਾਲੀਆਂ ਸ਼ਖ਼ਸੀਅਤਾਂ ਭਾਈ ਗੁਰਦਾਸ ਜੀ ਅਤੇ ਸ਼ਹੀਦੀ ਭਾਈ ਮਨੀ ਸਿੰਘ ਜੀ ਸਬੰਧੀ ਸ੍ਰੀ ਦਰਬਾਰ ਸਾਹਿਬ ਸਮੂਹ ਯਾਦਗਾਰੀ ਅਸਥਾਨ ਬਨਾਉਣ ਦਾ ਸਿਧਾਂਤਕ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਭਾਈ ਗੁਰਦਾਸ ਜੀ ਅਤੇ ਸ਼ਹੀਦੀ ਭਾਈ ਮਨੀ ਸਿੰਘ ਜੀ ਦਾ ਸਿੱਖ ਇਤਿਹਾਸ ਅੰਦਰ ਵੱਡਾ ਅਸਥਾਨ ਹੈ ਅਤੇ ਉਨ੍ਹਾਂ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੀ ਵੱਡੀਆਂ ਸੇਵਾਵਾਂ ਨਿਭਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਹ ਯਾਦਗਾਰੀ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਦੋਵੇਂ ਪਾਸੇ ਤਿਆਰ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸਮੂਹ ਗੁਰਦੁਆਰਾ ਸਾਹਿਬਾਨ ਅੰਦਰ ਸ੍ਰੀ ਅਖੰਡ ਪਾਠ ਸਾਹਿਬ ਕਰਵਾਉਣ ਅਤੇ ਸਮੂਹਕ ਅਰਦਾਸ ਕਰਨ ਦਾ ਫੈਸਲਾ ਕੀਤਾ ਹੈ। 27 ਅਗਸਤ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕਰਕੇ 29 ਅਗਸਤ ਨੂੰ ਭੋਗ ਪਾਏ ਜਾਣਗੇ ਅਤੇ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਲਈ ਸਮੂਹਿਕ ਤੌਰ 'ਤੇ ਅਰਦਾਸ ਕੀਤੀ ਜਾਵੇਗੀ। ਇਸ ਦੇ ਨਾਲ ਹੀ ਸ਼੍ਰੋਮਣੀ ਕਮੇਟੀ ਦੇ ਪ੍ਰਬੰਧ ਵਾਲੇ ਸਮੂਹ ਵਿਦਿਅਕ ਅਦਾਰਿਆਂ ਅਤੇ ਟਰੱਸਟਾਂ ਵਿਚ ਵੀ 29 ਅਗਸਤ ਨੂੰ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਕੇ ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਭਾਈ ਜਗਤਾਰ ਸਿੰਘ ਹਵਾਰਾ ਨੂੰ ਤੁਰੰਤ ਪੈਰੋਲ ਦੇਣ ਦੀ ਵੀ ਮੰਗ ਕੀਤੀ ਗਈ ਹੈ। ਭਾਈ ਹਵਾਰਾ ਦੀ ਬਜ਼ੁਰਗ ਮਾਤਾ ਗੰਭੀਰ ਬਿਮਾਰ ਹਨ। ਉਨ੍ਹਾਂ ਵੱਲੋਂ ਆਪਣੀ ਬਿਮਾਰ ਮਾਤਾ ਨੂੰ ਮਿਲਣ ਲਈ ਮੰਗੀ ਪੈਰੋਲ 'ਤੇ ਸਰਕਾਰ ਦਾ ਰੁਖ਼ ਬੇਹੱਦ ਨਿਰਾਸ਼ਾ ਵਾਲਾ ਹੈ। ਉਨ੍ਹਾਂ ਕਿਹਾ ਕਿ ਬੰਦੀ ਸਿੰਘਾਂ ਦੇ ਮਾਮਲੇ ਵਿਚ ਸਰਕਾਰਾਂ ਵੱਲੋਂ ਨਾ-ਇਨਸਾਫ਼ੀ ਹੋ ਰਹੀ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਦਾ ਮਾਮਲਾ ਵੀ ਸਰਕਾਰ ਵੱਲੋਂ ਕਿਸੇ ਪਾਸੇ ਨਹੀਂ ਲਗਾਇਆ ਜਾ ਰਿਹਾ। ਭਾਈ ਰਾਜੋਆਣਾ ਦੇ ਮਾਮਲੇ ਪ੍ਰਤੀ ਸਰਕਾਰ ਅਤੇ ਅਦਾਲਤਾਂ ਦੀ ਪਹੁੰਚ ਹਮੇਸ਼ਾ ਨਿਰਾਸ਼ਾਜਨਕ ਹੀ ਰਹੀ ਹੈ, ਜੋ ਵੱਡੀ ਚਿੰਤਾ ਵਾਲੀ ਗੱਲ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਸਬੰਧੀ ਹਰੀਕੇ ਪੱਤਣ ਵਿਖੇ ਕਰਵਾਏ ਗਏ ਸਮਾਗਮ ਸਮੇਂ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਹੋਏ ਆਦੇਸ਼ ਅਨੁਸਾਰ ਭਾਈ ਖਾਲੜਾ ਸਬੰਧੀ ਯਾਦਗਾਰ ਉਸਾਰਨ ਨੂੰ ਵੀ ਸਿਧਾਂਤਕ ਪ੍ਰਵਾਨਗੀ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਇਸ ਸਬੰਧੀ ਜਗ੍ਹਾ ਦੀ ਚੋਣ ਕਰਕੇ ਜਲਦ ਸ਼ੁਰੂਆਤ ਕੀਤੀ ਜਾਵੇਗੀ। ਇਸ ਤੋਂ ਇਲਾਵਾ ਅੰਤ੍ਰਿੰਗ ਕਮੇਟੀ ਨੇ ਸਿੱਖ ਕਤਲੇਆਮ ਦੇ ਦੋਸ਼ੀ ਕਾਂਗਰਸੀ ਆਗੂ ਸੱਜਣ ਕੁਮਾਰ ਦੀ ਮੌਤ ਮਗਰੋਂ ਕਾਂਗਰਸ ਪਾਰਟੀ ਦੇ ਲੀਡਰਾਂ ਵੱਲੋਂ ਉਸ ਦੀ ਕੀਤੀ ਜਾ ਰਹੀ ਪ੍ਰਸ਼ੰਸਾ ਦੀ ਵੀ ਨਿੰਦਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਨਿਰਦੋਸ਼ ਸਿੱਖਾਂ ਦੇ ਕਾਤਲ ਵਿਅਕਤੀਆਂ ਨੂੰ ਕਾਂਗਰਸ ਪਾਰਟੀ ਵੱਲੋਂ ਉੱਚ ਸਿਆਸੀ ਅਹੁਦੇ ਦੇ ਕੇ ਨਿਵਾਜਣਾ ਅਤੇ ਹੁਣ ਕੀਤੀ ਜਾ ਰਹੀ ਪ੍ਰਸ਼ੰਸਾ ਕਾਂਗਰਸ ਦੀ ਸਿੱਖਾਂ ਪ੍ਰਤੀ ਸੋਚ ਦਾ ਪ੍ਰਗਟਾਵਾ ਹੈ। ਚਾਹੀਦਾ ਤਾਂ ਇਹ ਸੀ ਕਿ ਸਮੇਂ ਸਿਰ ਸੱਜਣ ਕੁਮਾਰ ਸਮੇਤ ਸਿੱਖ ਕਤਲੇਆਮ ਦੇ ਹਰ ਦੋਸ਼ੀ ਨੂੰ ਫਾਂਸੀ ਵਰਗੀਆਂ ਸਖ਼ਤ ਸਜ਼ਾਵਾਂ ਮਿਲਦੀਆਂ, ਤਾਂ ਜੋ ਪੀੜਤਾਂ ਨੂੰ ਧਰਵਾਸ ਮਿਲਦਾ। ਅੰਤ੍ਰਿੰਗ ਕਮੇਟੀ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ ਗਈ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਹਰ ਸਿੱਖ ਸ਼ਰਧਾ ਭਾਵਨਾ ਨਾਲ ਗੁਰੂ ਘਰ ਨਤਮਸਤਕ ਹੋਣ ਪੁੱਜਦਾ ਹੈ ਅਤੇ ਕਿਸੇ ਸ਼ਰਧਾਲੂ 'ਤੇ ਹਮਲਾ ਕਰਨਾ ਗੁਰੂ ਘਰ ਦੀ ਮਰਯਾਦਾ ਦੀ ਵੀ ਉਲੰਘਣਾ ਹੈ। ਅਜਿਹੀ ਕਿਸੇ ਵੀ ਘਟਨਾ ਦੀ ਕਰੜੀ ਨਿੰਦਾ ਕੀਤੀ ਜਾਣੀ ਚਾਹੀਦੀ ਹੈ। ਅੰਤ੍ਰਿੰਗ ਕਮੇਟੀ ਨੇ ਕੈਨੇਡਾ ਦੇ ਐਡਮਨਟਨ ਵਿਖੈ ਗੁਰਦੁਆਰਾ ਨਾਨਕਸਰ ਸਾਹਿਬ 'ਚ ਇਕ ਵਿਅਕਤੀ ਵੱਲੋਂ ਸੇਵਾਦਾਰਾਂ 'ਤੇ ਹਮਲਾ ਕਰਕੇ ਜ਼ਖ਼ਮੀ ਕਰਨ ਦੀ ਘਟਨਾ ਦੀ ਵੀ ਸਖ਼ਤ ਸ਼ਬਦਾਂ ਵਿਚ ਨਿੰਦਾ ਕੀਤੀ। ਐਡਵੋਕੇਟ ਧਾਮੀ ਨੇ ਕਿਹਾ ਕਿ ਵਿਦੇਸ਼ਾਂ ਅੰਦਰ ਗੁਰਦੁਆਰਾ ਸਾਹਿਬਾਨ ਵਿਚ ਅਜਿਹੀਆਂ ਘਟਨਾਵਾਂ ਦਾ ਵਾਪਰਨਾ ਵੱਡੀ ਚਿੰਤਾ ਵਾਲੀ ਗੱਲ ਹੈ। ਉਨ੍ਹਾਂ ਸਰਕਾਰ ਅਤੇ ਪ੍ਰਸ਼ਾਸਨ ਨੂੰ ਦੋਸ਼ੀ ਵਿਅਕਤੀ ਖਿਲਾਫ਼ ਸਖ਼ਤ ਕਾਰਵਾਈ ਲਈ ਵੀ ਆਖਿਆ। ਅੰਤ੍ਰਿੰਗ ਕਮੇਟੀ ਨੇ ਮੀਰੀ ਪੀਰੀ ਮੈਡੀਕਲ ਕਾਲਜ ਸ਼ਾਹਬਾਦ ਮਾਰਕੰਡਾ ਲਈ 2.5 ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਦੇਣ ਨੂੰ ਵੀ ਪ੍ਰਵਾਨਗੀ ਦਿੱਤੀ। ਇਸ ਦੇ ਨਾਲ ਹੀ ਗੁਰਦੁਆਰਾ ਸਾਹਿਬਾਨ, ਟਰੱਸਟ, ਵਿਦਿਆ ਅਤੇ ਹੋਰ ਦਫ਼ਤਰੀ ਕਾਰਜਾਂ ਨੂੰ ਪ੍ਰਵਾਨਗੀਆਂ ਦਿੱਤੀਆਂ ਗਈਆਂ। ਇਸ ਮੌਕੇ ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਸ਼੍ਰੋਮਣੀ ਕਮੇਟੀ ਦੇ ਮੈਂਬਰ ਗੁਰਮੇਲ ਸਿੰਘ ਸੰਗਤਪੁਰਾ, ਭੁਪਿੰਦਰ ਸਿੰਘ ਅਨੰਦ ਤੇ ਅਮਰੀਕਾ ਨਿਵਾਸੀ ਗੁਰਇਕਪ੍ਰੀਤ ਸਿੰਘ (ਗੰਡਾ ਸਿੰਘ ਵਾਲਾ) ਸਬੰਧੀ ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਵਿਛੜੀ ਰੂਹਾਂ ਨਮਿਤ ਅਰਦਾਸ ਕੀਤੀ ਗਈ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਮਹਾਨ ਗੁਰਮਤਿ ਸਮਾਗਮ

## 21, 22 ਅਤੇ 23 ਅਗਸਤ

- ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘ ਲਾ ਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ
- ਸਲਾਨਾ ਬਰਸੀ ਸੱਚਖੰਡ ਵਾਸੀ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀਮਾਨ ਸੰਤ ਗਿਆਨੀ ਕਰਤਾਰ ਸਿੰਘ ਖਾਲਸਾ ਭਿੰਡਰਾਂਵਾਲਿਆ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

ਸ਼ੁੱਕਰਵਾਰ 21 ਅਗਸਤ 10 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੋਵੇਗੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ, ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ ਸਾਢੇ 8 ਵਜੇ ਤੱਕ ਦੀਵਾਨ ਸਜਣਗੇ

ਐਤਵਾਰ 23 ਅਗਸਤ 2026 ਨੂੰ 6:30 ਵਜੇ ਸਵੇਰੇ ਚੌਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣ ਉਪਰੰਤ 1:00 ਵਜੇ ਤੱਕ ਦੀਵਾਨ ਸਜਣਗੇ।

ਕਥਾ ਵਾਚਕ, ਕੀਰਤਨੀ ਜਥਾ,ਕਵੀਸ਼ਰੀ ਤੇ ਢਾਡੀ ਸਿੰਘ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।

ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap
26020Casalmorano Cremona (IT)

E-mail : gur.damdamitaksaalitaly@gmail.com


Call+393475711755 / 3208124778

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net


ਪ੍ਰਚਾਰਕ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


ਦੇਗ ਤੇਗ ਫ਼ਤਿਹ – ਪੰਥ ਕੀ ਜੀਤ

ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥

ਧੰਨ ਗੁਰੂ ਨਾਨਕ ਦੇਵ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਤੇ ਮਾਤਾ ਸਾਹਿਬ ਕੌਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ



ਧੰਨ-ਧੰਨ ਮਾਤਾ ਸਾਹਿਬ ਕੌਰ ਜੀ

ਗੁਰਮਤਿ ਸਮਾਗਮ

1 ਨਵੰਬਰ 2026, ਦਿਨ ਐਤਵਾਰ ਨੂੰ
ਬੱਬਰਾਂ ਦੇ ਹਾਈ ਕੋਰਟ ਗੁਰਦੁਆਰਾ ਸ਼ਹੀਦਾਂ, ਜੱਸੋਵਾਲ ਵਿਖੇ
ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ।



ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ

ਲੜੀ ਅਰੰਭ ਸ੍ਰੀ ਅਖੰਡ ਪਾਠ ਸਾਹਿਬ -20 ਅਕਤੂਬਰ, ਮੰਗਲਵਾਰ, ਸਵੇਰੇ 10 ਵਜੇ
ਲੜੀ ਭੋਗ ਸ੍ਰੀ ਅਖੰਡ ਪਾਠ ਸਾਹਿਬ -1 ਨਵੰਬਰ, ਐਤਵਾਰ, ਸਵੇਰੇ 9 ਵਜੇ



ਜੋੜ ਮੇਲੇ ਵਿੱਚ ਸਿੰਘ ਸਾਹਿਬਾਨ, ਦਮਦਮੀ ਟਕਸਾਲ, ਸੰਤ ਮਹਾਂਪੁਰਸ਼, ਸੰਪਰਦਾਵਾਂ ਦੇ ਮੁਖੀ, ਨਿਹੰਗ ਸਿੰਘ ਜਥੇਬੰਦੀਆਂ, ਸ਼੍ਰੋਮਣੀ ਕਮੇਟੀ ਮੈਂਬਰ, ਨਿਰਮਲੇ, ਉਦਾਸੀ, ਧਾਰਮਿਕ, ਕਿਸਾਨ ਆਗੂ, ਹਰ ਪਾਰਟੀ ਦੇ ਸਿਆਸੀ ਲੀਡਰ, ਇੰਟਰਨੈਸ਼ਨਲ ਪੰਥਕ ਦਲ ਯੂ.ਕੇ. ਅਤੇ ਭਾਰਤ ਦੇ ਸਮੂਹ ਅਹੁਦੇਦਾਰ ਅਤੇ ਨਾਮਵਰ ਰਾਗੀ-ਢਾਡੀ-ਕਵੀਸ਼ਰ ਜਥੇ ਪਹੁੰਚ ਰਹੇ ਹਨ।

ਨੋਟ : ਇਹ ਸਮਾਗਮ 13 ਦਿਨ ਚੱਲੇਗਾ

ਸਮੂਹ ਸੰਗਤ ਨੂੰ ਪਹੁੰਚਣ ਲਈ ਬੇਨਤੀ ਕੀਤੀ ਜਾਂਦੀ ਹੈ। ਗੁਰੂ ਦੇ ਲੰਗਰ ਅਤੇ ਚਾਹ ਪਕੌੜਿਆਂ ਦੇ ਲੰਗਰ ਅਤੁੱਟ ਵਰਤਣਗੇ।

ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ 98141-27470
ਜਥੇਦਾਰਨੀ ਬੀਬੀ ਸੁਰਿੰਦਰ ਕੌਰ 73408-35137
ਦਮਦਮੀ ਟਕਸਾਲ ਵਾਲੇ ਅੰਤਰਰਾਸ਼ਟਰੀ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਜਾਰੀ ਕਰਤਾ : ਭਾਈ ਜਰਨੈਲ ਸਿੰਘ ਵਿਲੋਂ, ਬੀਬੀ ਅਰਸ਼ਪ੍ਰੀਤ ਕੌਰ 84278-66404, ਜ: ਹਰਜੋਤ ਸਿੰਘ ਵਿਲੋਂ, ਜ: ਮਹਿਤਾਬ ਸਿੰਘ ਵਿਲੋਂ

ਸੰਪਰਕ ਨੰਬਰ 84278-66404


Vehicle360
Professional Car Repairs & Servicing
West Bromwich
CAR SERVICES – ALL MAKES & MODELS
FREE VEHICLE HEALTH CHECK
Full & Interim Servicing
Diagnostics & Fault Finding
Clutches & Gearboxes
Timing Chains & Cambelts
DPF & Engine Repairs
Brakes, Suspension & Exhausts
Experienced mechanics
(7–10 years)
Honest advice & fair pricing
Quality / OEM parts used
CALL NOW: 0121 269 9586
12 Ridgacre Rd, West Bromwich, B71 1DB
Your local trusted garage
ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਸਲਾਨਾ ਸਮਾਗਮ 21, 22 ਅਤੇ 23 ਅਗਸਤ 2026

ਪੁਰਾਤਨ ਮਰਿਯਾਦਾ ਅਨੁਸਾਰ 25 ਸਿੰਘਾਂ ਨੂੰ ਲਗਾ ਕੇ ਸ਼੍ਰੀ ਅਖੰਡ ਪਾਠ ਸਾਹਿਬ ਕਰਵਾਏ ਜਾ ਰਹੇ ਹਨ। ਜਿਸ ਵਿੱਚ ਸਮੂਹ ਸ਼ਹੀਦਾਂ ਦੀ ਯਾਦ ਅਤੇ ਦਮਦਮੀ ਟਕਸਾਲ ਦੇ 13 ਵੇਂ ਮੁਖੀ ਸ੍ਰੀ ਮਾਨ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਭਿੰਡਰਾਂਵਾਲਿਆ ਦੀ ਪਾਵਨ ਯਾਦ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।

ਸ਼ੁੱਕਰਵਾਰ 21 ਅਗਸਤ ਸਵੇਰੇ 10:00 ਵਜੇ ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਹੋਵੇਗੀ ਅਤੇ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ ਜਿਸ ਵਿਚ ਪੰਥ ਪ੍ਰਸਿੱਧ ਢਾਡੀ ਜਥਾ ਗਿਆਨੀ ਸੁਖਜਿੰਦਰ ਸਿੰਘ ਭੌਰ ਢਾਡੀ ਵਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

- ਸ਼ਨਿੱਚਰਵਾਰ 22 ਅਗਸਤ ਸ਼ਾਮ 5 ਤੋਂ 8 :30 ਵਜੇ ਤੱਕ ਦੀਵਾਨ ਸਜਣਗੇ।
- ਐਤਵਾਰ 23 ਅਗਸਤ 2026 ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਵਜੇ ਪੈਣ ਉਪਰੰਤ 13:30 ਵਜੇ ਤੱਕ ਖੁੱਲੇ ਦੀਵਾਨ ਸਜਣਗੇ।

ਕਵੀਸ਼ਰੀ ਜਥਾ ਪੰਜਾਬ ਦੀ ਧਰਤੀ ਤੋਂ ਵਿਸ਼ੇਸ਼ ਤੌਰ ਪੁਹੁੰਚ ਰਹੇ ਗਿਆਨੀ ਅਮਰਜੀਤ ਸਿੰਘ ਹੜ੍ਹ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ • ਸਟਾਲ ਵੀ ਲੱਗਣਗੇ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ। ☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


ਲੜੀਵਾਰ
ਗੁਰਬਾਣੀ ਸ਼ਬਦ ਵਿਚਾਰ
ਗੁਰਦੁਆਰਾ
ਬੰਗਲਾ ਸਾਹਿਬ
22 ਅਗਸਤ 2026
ਦਿਨ ਸ਼ਨੀਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ
ਸੀਸਗੰਜ ਸਾਹਿਬ
23 ਅਗਸਤ 2026
ਦਿਨ ਐਤਵਾਰ ਨੂੰ
ਸਵੇਰੇ 7:30 ਤੋਂ 8:30
ਵਜੇ ਤੱਕ
ਗੁਰਦੁਆਰਾ ਸੀਸਗੰਜ ਸਾਹਿਬ, ਦਿੱਲੀ
GURUDWARA SISGANJ SAHIB, DELHI
ਵਿਚਾਰਾਂ ਦੀ ਸਾਂਝ ਪਾਉਣਗੇ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸੰਪਰਕ ਨੰ.- 9814015740, 9356060960
ਆਵਾਜ਼ਿ ਕੌਮ
AWAZE QAUM
International Newspaper & WEB TV

## ਜਥੇਦਾਰ ਅਰਜਨ ਸਿੰਘ ਸ਼ੇਰਗਿੱਲ

# ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਨਿਯੁਕਤ



**ਅੰਮ੍ਰਿਤਸਰ ਸਾਹਿਬ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਦੇ ਪ੍ਰਧਾਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵਲੋਂ ਪੰਥਕ ਸਫ਼ਾਂ ਵਿੱਚ ਲੰਮੇ ਸਮੇਂ ਤੋਂ ਸਰਗਰਮ ਭੂਮਿਕਾ ਨਿਭਾ ਰਹੇ ਅਖੰਡ ਕੀਰਤਨੀ ਜਥਾ ਦੇ ਮੁੱਖ ਬੁਲਾਰੇ ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਨੂੰ ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਦਾ ਸੀਨੀਅਰ ਮੀਤ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਪਾਰਟੀ ਦੇ ਮੀਡੀਆ ਸਕੱਤਰ ਸਰਦਾਰ ਤਜਿੰਦਰ ਸਿੰਘ ਪੰਨੂ ਅਤੇ ਮੁੱਖ ਦਫ਼ਤਰ ਸਕੱਤਰ ਸਰਦਾਰ ਜਗਜੀਤ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਨਿਯੁਕਤੀ ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਦੀਆਂ ਪੰਥ, ਸਮਾਜ ਅਤੇ ਕੌਮ ਪ੍ਰਤੀ ਨਿਭਾਈਆਂ ਗਈਆਂ ਨਿਰਸਵਾਰਥ ਸੇਵਾਵਾਂ ਅਤੇ ਵਚਨਬੱਧਤਾ ਨੂੰ ਧਿਆਨ ਵਿੱਚ ਰੱਖਦਿਆਂ ਕੀਤੀ ਗਈ ਹੈ।

ਜਥੇਦਾਰ ਸ਼ੇਰਗਿੱਲ ਨੇ ਹਮੇਸ਼ਾ ਪੰਥਕ ਸਿਧਾਂਤਾਂ ਅਤੇ ਅਕਾਲ ਤਖ਼ਤ ਸਾਹਿਬ ਦੀ ਮਰਿਆਦਾ ਲਈ ਦ੍ਰਿੜ੍ਹਤਾ ਨਾਲ ਆਵਾਜ਼ ਬੁਲੰਦ ਕੀਤੀ ਹੈ।ਅਖੰਡ ਕੀਰਤਨੀ ਜਥਾ ਦੇ ਮੁੱਖ ਬੁਲਾਰੇ ਵਜੋਂ ਉਨ੍ਹਾਂ ਨੇ ਸੰਗਤ ਵਿੱਚ ਧਰਮ ਪ੍ਰਚਾਰ ਅਤੇ ਪੰਥਕ ਏਕਤਾ ਲਈ ਅਹਿਮ ਯੋਗਦਾਨ ਪਾਇਆ ਹੈ। ਉਨ੍ਹਾਂ ਦੇ ਵਿਸ਼ਾਲ ਤਜ਼ਰਬੇ ਨਾਲ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਨੂੰ ਨਵੀਂ ਦਿਸ਼ਾ ਮਿਲੇਗੀ।

ਇਸੇ ਦੌਰਾਨ ਸ਼੍ਰੋਮਣੀ ਅਕਾਲੀ ਦਲ (ਪੁਨਰ-ਸੁਰਜੀਤ) ਦੇ ਸੀਨੀਅਰ ਮੀਤ ਪ੍ਰਧਾਨ ਸਰਦਾਰ ਕਰਨੈਲ ਸਿੰਘ ਪੀਰ ਮੁਹੰਮਦ ਅਤੇ ਜਨਰਲ ਸਕੱਤਰ ਸਰਦਾਰ ਦਵਿੰਦਰ ਸਿੰਘ ਸੋਢੀ ਨੇ ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਦੀ ਨਿਯੁਕਤੀ ਦਾ ਜ਼ੋਰਦਾਰ ਸਵਾਗਤ ਕੀਤਾ ਹੈ। ਉਨ੍ਹਾਂ ਕਿਹਾ ਕਿ ਜਥੇਦਾਰ ਸ਼ੇਰਗਿੱਲ ਪੰਥਕ ਸਫ਼ਾਂ ਦੇ ਉਹ ਚੰਗੇ ਚਿਹਰੇ ਹਨ ਜਿਨ੍ਹਾਂ ਨੇ ਹਮੇਸ਼ਾ ਪੰਥ ਪ੍ਰਸਤੀ ਦਾ ਲੜ ਫੜ ਕੇ ਪੰਥਕ ਸਫ਼ਾਂ ਦੇ ਵਿੱਚ ਵੱਡੀਆਂ ਸੇਵਾਵਾਂ ਦਿੱਤੀਆਂ ਹਨ ਅਤੇ ਨਿਰੰਤਰ ਦੇ ਰਹੇ ਹਨ।

ਜਥੇਦਾਰ ਅਰਜਨ ਸਿੰਘ ਸ਼ੇਰਗਿੱਲ ਦੀ ਇਸ ਨਿਯੁਕਤੀ ਨਾਲ ਪੰਥਕ ਹਲਕਿਆਂ ਵਿੱਚ ਖੁਸ਼ੀ ਦੀ ਲਹਿਰ ਹੈ। ਵੱਖ-ਵੱਖ ਧਾਰਮਿਕ ਅਤੇ ਪੰਥਕ ਸ਼ਖਸੀਅਤਾਂ ਨੇ ਗਿਆਨੀ ਹਰਪ੍ਰੀਤ ਸਿੰਘ ਦੇ ਇਸ ਫੈਸਲੇ ਦਾ ਸਵਾਗਤ ਕੀਤਾ ਹੈ ਅਤੇ ਆਸ ਪ੍ਰਗਟਾਈ ਹੈ ਕਿ ਜਥੇਦਾਰ ਸ਼ੇਰਗਿੱਲ ਪੰਥਕ ਭਲਾਈ ਲਈ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ।

## ਗੁਰਦੁਆਰਾ ਛਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਤੇ

# ਮਹਾਨ ਗੁਰਮਤਿ ਸਮਾਗਮ 25 ਅਗਸਤ ਨੂੰ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ

**ਫਿਰੋਜ਼ਪੁਰ, 22 ਅਗਸਤ (ਮਨੋਹਰ ਲਾਲ)**-ਗੁਰਦੁਆਰਾ ਛੱਪੜੀ ਸਾਹਿਬ ਪਿੰਡ ਤੂਤ ਵਿਖੇ ਅਮਰ ਸ਼ਹੀਦ ਬਾਬਾ ਹਿੰਮਤ ਸਿੰਘ ਜੀ ਬਾਠ ਦੇ ਜਨਮ ਦਿਵਸ ਨੂੰ ਸਮਰਪਿਤ ਮਹਾਨ ਗੁਰਮਤਿ ਸਮਾਗਮ 25 ਅਗਸਤ ਨੂੰ ਕਰਵਾਏ ਜਾ ਰਹੇ ਹਨ।ਇਹ ਜਾਣਕਾਰੀ ਗੁਰਦੁਆਰਾ

ਆਵਾਜ਼ਿ ਕੌਮ AWAZE QAUM International Newspaper & WEB TV



ਛਪੜੀ ਸਾਹਿਬ ਪਿੰਡ ਤੂਤ ਦੇ ਮੁੱਖ ਸੇਵਾਦਾਰ ਸ੍ਰੀ ਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲਿਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਮੌਕੇ ਤੇ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਭੋਗ ਉਪਰੰਤ ਦੀਵਾਨ ਸਜਾਏ ਜਾਣਗੇ ਜਿਸ ਵਿੱਚ ਸਿੱਖ ਪੰਥ ਤੇ ਰਾਗੀ ਢਾਡੀ ਕਥਾ ਵਾਚਕ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰਇਤਿਹਾਸ ਸੁਣਾ ਕੇ ਨਿਹਾਲ ਕਰਨਗੇ ਇਸ ਮੌਕੇ ਤੇ ਸ਼੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਮੁਖੀ ਦਲ ਪੰਥ ਬਾਬਾ ਬਿਧੀ ਚੰਦ ਜੀ ਸੰਤ ਬਾਬਾ ਮੁਖਤਿਆਰ ਸਿੰਘ ਜੀ ਨਾਨਕਸਰ ਬੀੜ ਬ੍ਰਾਹਮਣ ਵਾਲੇ ਭਾਈ ਗੁਰਜੰਟ ਸਿੰਘ ਜੀ ਬੈਕਾਂ ਹਰਜਿੰਦਰ ਸਿੰਘ ਜੀ ਭੰਗਾਲੀ ਸਾਥੀ ਕਵੀਸਰੀ ਦਲ ਬਾਬਾ ਬਿਧੀ ਚੰਦ ਜੀ ਗਿਆਨੀ ਸੁਖਜੀਤ ਸਿੰਘ ਜੀ ਖਾਲਸਾ ਫਿਰੋਜਪੁਰ ਵਾਲੇ ਸੰਤ ਬਾਬਾ ਜੋਗਾ ਸਿੰਘ ਜੀ ਮੁਖੀ ਤਰਨਾ ਦਲ ਬਾਬਾ ਬਕਾਲਾ ਸਾਹਿਬ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਤ ਮਹਾਂਪੁਰਸ਼ ਪਹੁੰਚ ਰਹੇ ਹਨ ਜਿਨਾਂ ਵਿੱਚ ਸੰਤ ਬਾਬਾ ਛਿੰਦਰ ਸਿੰਘ ਜੀ ਫਤਿਹਗੜ ਸਭਰਾਵਾਂ ਵਾਲੇ ਸੰਤ ਬਾਬਾ ਭਗਤ ਮਿਲਖਾ ਸਿੰਘ ਜੀ ਅਪਮਾਨ ਪੁਰਾ ਵਾਲੇ ਸੰਤ ਬਾਬਾ ਸੁੱਚਾ ਸਿੰਘ ਜੀ ਨਾਨਕਸਰ ਛਾਂਗੇ ਵਾਲੇ ਬਾਬਾ ਹਰਭਜਨ ਸਿੰਘ ਜੀ ਜੰਡ ਸਾਹਿਬ ਵਾਲੇ ਕਾਰ ਸੇਵਾ ਵਾਲੇ ਸੰਤ ਬਾਬਾ ਸਤਨਾਮ ਸਿੰਘ ਜੀ ਵਾਲੀਆਂ ਜਥੇਦਾਰ ਬਾਬਾ ਕਰਨੈਲ ਸਿੰਘ ਜੀ ਕਾਰ ਸੇਵਾ ਹਜੂਰ ਸਾਹਿਬ ਜਥੇਦਾਰ ਬਾਬਾ ਮੇਜਰ ਸਿੰਘ ਜੀ ਗੁਰਦੁਆਰਾ ਰੇਰੂ ਸਾਹਿਬ ਕਾਰ ਸੇਵਾ ਹਜੂਰ ਸਾਹਿਬ ਵਾਲੇ ਸੰਤ ਬਾਬਾ ਇੰਦਰਪਾਲ ਸਿੰਘ ਜੀ ਨਾਨਕਸਰ ਠਾਠ ਦੇਵੀ ਵਾਲੇ ਸੰਤ ਬਾਬਾ ਦਰਸ਼ਨ ਸਿੰਘ ਜੀ ਢਾਬਸਰ ਬੋਰੀ ਵਾਲੇ ਸੰਤ ਬਾਬਾ ਜੋਗਾ ਸਿੰਘ ਜੀ ਤਲਵੰਡੀ ਭਾਈ ਵਾਲੇ ਸੰਤ ਬਾਬਾ ਗੁਰਮੇਲ ਸਿੰਘ ਜੀ ਕਾਰ ਸੇਵਾ ਜਾਮਨੀ ਸਾਹਿਬ ਸੰਤ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਜਥੇਦਾਰ ਬਾਬਾ ਬਲਜੀਤ ਸਿੰਘ ਜੀ ਖੂਹ ਸਾਹਿਬ ਮੁਕਤਸਰ ਵਾਲੇ ਜਥੇਦਾਰ ਬਾਬਾ ਪੂਰਨ ਸਿੰਘ ਜੀ ਗੁਰਦੁਆਰਾ ਝੋਕ ਹਰੀ ਹਰ ਵਾਲੇ ਜਥੇਦਾਰ ਬਾਬਾ ਰਸ਼ਪਾਲ ਸਿੰਘ ਜੀ ਦਮਦਮੀ ਟਕਸਾਲ ਝੋਕ ਮੋਹੜੇ ਵਾਲੇ ਬਾਪੂ ਗੁਲਜਾਰ ਸਿੰਘ ਮੈਂਬਰ ਪੰਥਕ ਅਕਾਲੀ ਲਹਿਰ ਫਿਰੋਜ਼ਪੁਰ ਭਾਈ ਮਨਦੀਪ ਸਿੰਘ ਜੀ ਭਰਾਤਾ ਦੀਪ ਸੰਧੂ ਵਾਰਿਸ ਪੰਜਾਬ ਭਾਈ ਦਵਿੰਦਰ ਸਿੰਘ ਜੀ ਹਰੀਏ ਵਾਲੇ ਆਗੂ ਵਾਰਿਸ ਪੰਜਾਬ ਮਹੰਤ ਗੋਪਾਲ ਦਾਸ ਜੀ ਅਲੀ ਕੇ ਮਾਨਸਾ ਵਾਲੇ ਭਾਈ ਸੁਖਦੇਵ ਸਿੰਘ ਜੀ ਦਮਦਮੀ ਟਕਸਾਲ ਬੁੱਕਣ ਖਾਂ ਵਾਲੇ ਸੰਤ ਬਾਬਾ ਕਰਨੈਲ ਸਿੰਘ ਜੀ ਸਾਦਿਕ ਵਾਲੇ ਬਾਬਾ ਵਿਰਸਾ ਸਿੰਘ ਜੀ ਬਾਉਲੀ ਸਾਹਿਬ ਵਾਲੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਮਹਾਂਪੁਰਸ਼ ਪਹੁੰਚ ਰਹੇ ਹਨ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਨੇ ਸਮੂਹ ਪੰਜਾਬ ਭਰ ਦੀਆਂ ਸੰਗਤਾਂ ਇਲਾਕੇ ਭਰ ਦੀਆਂ ਸੰਗਤਾਂ ਦੂਰੋਂ ਨੇੜਿਓ ਸੰਗਤਾਂ ਨੂੰ ਬੇਨਤੀ ਕੀਤੀ ਕਿ ਉਹ ਭਾਰੀ ਗਿਣਤੀ ਵਿੱਚ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਆਪਣਾ ਜੀਵਨ ਸਫਲ ਬਣਾਓ ਇਸ ਮੌਕੇ ਤੇ ਸਟੇਜ ਦੀ ਸੇਵਾ ਭਾਈ ਹਰਜੀਤ ਸਿੰਘ ਤੂਤ ਨਿਭਾਉਣਗੇ ਅਤੇ ਪ੍ਰਬੰਧਕ ਅਤੇ ਸੰਤਾਂ ਮਹਾਂਪੁਰਸ਼ਾਂ ਦੀ ਦੇਖਰੇਖ ਦੀ ਸੇਵਾ ਭਾਈ ਹਰਪਿੰਦਰ ਸਿੰਘ ਗੁਰਦੁਆਰਾ ਛਪੜੀ ਸਾਹਿਬ ਨਿਭਾਉਣਗੇ ਇਸ ਮੌਕੇ ਤੇ ਗੁਰੂ ਕਾ ਲੰਗਰ ਅਤੇ ਮਿਠਿਆਈਆਂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

## ਬੰਦੀ ਸਿੰਘਾਂ ਦੀ ਰਿਹਾਈ ਲਈ ਪੰਥਕ ਤਾਲਮੇਲ ਕਮੇਟੀ ਦੇ ਸੱਦੇ ’ਤੇ

# ਫਿਰੋਜ਼ਪੁਰ ਮੁਕੰਮਲ ਰੂਪ ’ਚ ਰਿਹਾ ਬੰਦ, ਆਗੂਆਂ ਨੇ ਜਤਾਇਆ ਧੰਨਵਾਦ

ਫਿਰੋਜ਼ਪੁਰ 22 ਅਗਸਤ (ਮਨੋਹਰ ਲਾਲ): ਬੰਦੀ ਸਿੰਘਾਂ ਦੀ ਰਿਹਾਈ ਦੀ ਮੰਗ ਨੂੰ ਲੈ ਕੇ ਪੰਥਕ ਤਾਲਮੇਲ ਕਮੇਟੀ ਫਿਰੋਜ਼ਪੁਰ ਵਲੋਂ ਦਿੱਤੇ ਗਏ ਬੰਦ ਦੇ ਸੱਦੇ ਨੂੰ ਜ਼ਿਲ੍ਹੇ ਅੰਦਰ ਭਰਵਾਂ ਹੁੰਗਾਰਾ ਮਿਲਿਆ ਹੈ। ਪੰਥਕ ਤਾਲਮੇਲ ਕਮੇਟੀ ਦੀ ਅਪੀਲ ’ਤੇ ਫਿਰੋਜ਼ਪੁਰ ਸ਼ਹਿਰ ਅਤੇ ਆਸ-ਪਾਸ ਦੇ ਇਲਾਕੇ ਪੂਰਨ ਤੌਰ ’ਤੇ ਬੰਦ ਰਹੇ। ਇਸ ਦੌਰਾਨ ਵਪਾਰ ਮੰਡਲ, ਟਰਾਂਸਪੋਰਟ ਭਾਈਚਾਰੇ, ਨਿੱਜੀ ਤੇ ਸਰਕਾਰੀ ਸਕੂਲਾਂ ਸਮੇਤ ਹੋਰਨਾਂ ਵਪਾਰਕ ਤੇ ਸਮਾਜਿਕ ਅਦਾਰਿਆਂ ਨੇ ਆਪਣੇ ਕਾਰੋਬਾਰ ਮੁਕੰਮਲ ਤੌਰ ’ਤੇ ਬੰਦ ਰੱਖ ਕੇ ਇਸ ਰੋਸ ਪ੍ਰਦਰਸ਼ਨ ਦਾ ਸਮਰਥਨ ਕੀਤਾ। ਇਸ ਮੌਕੇ ਪੰਥਕ ਆਗੂਆਂ ਨੇ ਸ਼ਾਂਤੀਪੂਰਨ ਤਰੀਕੇ ਨਾਲ ਬੰਦ ਨੂੰ ਸਫਲ ਬਣਾਉਣ ਲਈ ਸਮੂਹ ਦੁਕਾਨਦਾਰਾਂ, ਵਪਾਰੀਆਂ ਅਤੇ ਆਮ ਲੋਕਾਂ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ। ਆਗੂਆਂ ਨੇ ਆਖਿਆ ਕਿ ਬੰਦੀ ਸਿੰਘਾਂ ਦੀ ਰਿਹਾਈ ਦਾ ਮੁੱਦਾ ਪੂਰੇ ਪੰਥ ਅਤੇ ਸਮਾਜ ਨਾਲ ਜੁੜਿਆ ਹੋਇਆ ਹੈ, ਜਿਸ ਲਈ ਸਭ ਨੇ ਇੱਕਜੁੱਟਤਾ ਦਿਖਾਈ ਹੈ। ਇਸ ਮੌਕੇ ਹਾਜ਼ਰ ਅਤੇ ਧੰਨਵਾਦ ਪ੍ਰਗਟਾਉਣ ਵਾਲੇ ਆਗੂਆਂ ਵਿੱਚ ਸਿੰਘ ਸਾਹਿਬ ਭਾਈ ਧਿਆਨ ਸਿੰਘ ਮੰਡ (ਕਾਰਜਕਾਰੀ ਪ੍ਰਧਾਨ ਜਥੇਦਾਰ), ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਡਾਕਟਰ ਮੁਖਤਿਆਰ ਸਿੰਘ ਭੁੱਲਰ (ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ), ਸਰਦਾਰ ਜਸਬੀਰ ਸਿੰਘ ਭੁੱਲਰ (ਹਲਕਾ ਇੰਚਾਰਜ ਫਿਰੋਜ਼ਪੁਰ ਸ਼ਹਿਰ), ਡਾਕਟਰ ਮੋਹਨ ਸਿੰਘ ਲਾਲਕਾ (ਹਲਕਾ ਇੰਚਾਰਜ ਦਿਹਾਤੀ), ਸਰਦਾਰ ਗੁਰਚਰਨ ਸਿੰਘ ਭੁੱਲਰ, ਅਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ/ਮਾਨ) ਦੇ ਸਰਦਾਰ ਤਜਿੰਦਰ ਸਿੰਘ ਦਿਓਲ (ਪ੍ਰਧਾਨ ਯੂਥ ਵਿੰਗ ਪੰਜਾਬ) ਸ਼ਾਮਲ ਸਨ। ਇਨ੍ਹਾਂ ਤੋਂ ਇਲਾਵਾ ਬਾਬਾ ਸਤਨਾਮ ਸਿੰਘ ਵਲੀਆ (ਇੰਟਰਨੈਸ਼ਨਲ ਪੰਥਕ ਦਲ ਪੰਜਾਬ), ਡਾਕਟਰ ਪਿੱਪਲ ਸਿੰਘ (ਜ਼ਿਲ੍ਹਾ ਪ੍ਰਧਾਨ ਧਾਰਮਿਕ ਵਿੰਗ ਫਿਰੋਜ਼ਪੁਰ), ਭਾਈ ਲਖਬੀਰ ਸਿੰਘ ਮਹਾਲਮ (ਪ੍ਰਧਾਨ ਏਕ ਨੂਰ ਖਾਲਸਾ ਫੌਜ), ਭਾਈ ਹਿੰਮਤ ਸਿੰਘ, ਭਾਈ ਜਸਪਾਲ ਸਿੰਘ (ਸਰਪ੍ਰਸਤ ਸ਼੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ), ਭਾਈ ਜਰਨੈਲ ਸਿੰਘ ਗਾਬੜੀਆ (ਕੌਮੀ ਪ੍ਰਧਾਨ ਸਿੱਖ ਸਟੂਡੈਂਟਸ ਫੈਡਰੇਸ਼ਨ), ਸਰਬਤ ਦਾ ਭਲਾ ਪ੍ਰਧਾਨ ਅਤੇ ਸਮੂਹ ਕਿਸਾਨ ਜਥੇਬੰਦੀਆਂ ਦੇ ਆਗੂਆਂ ਨੇ ਵੀ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਅਤੇ ਸਹਿਯੋਗ ਦੇਣ ਵਾਲਿਆਂ ਦਾ ਆਭਾਰ ਪ੍ਰਗਟਾਇਆ। ਆਗੂਆਂ ਨੇ ਵਿਸ਼ੇਸ਼ ਤੌਰ ’ਤੇ ਜ਼ਿਲ੍ਹਾ ਵਾਸਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਰੇ ਵਰਗਾਂ ਨੇ ਬਿਨਾਂ ਕਿਸੇ ਅਣਸੁਖਾਵੀਂ ਘਟਨਾ ਦੇ, ਅਮਨ-ਸ਼ਾਂਤੀ ਅਤੇ ਭਾਈਚਾਰਕ ਸਾਂਝ ਬਣਾਏ ਰੱਖਦੇ ਹੋਏ ਇਸ ਬੰਦ ਨੂੰ ਸਫਲ ਬਣਾਇਆ ਹੈ। ਉਨ੍ਹਾਂ ਆਖਿਆ ਕਿ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਦੀ ਰਿਹਾਈ ਲਈ ਇਹ ਸੰਘਰਸ਼ ਸ਼ਾਂਤੀਪੂਰਨ ਢੰਗ ਨਾਲ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਉਨ੍ਹਾਂ ਨੂੰ ਨਿਆਂ ਨਹੀਂ ਮਿਲ ਜਾਂਦਾ। ਇਸ ਮੌਕੇ ਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਹਲਕਾ ਇੰਚਾਰਜ ਫਿਰੋਜਪੁਰ ਸ਼ਹਿਰ ਸਰਦਾਰ ਜਸਬੀਰ ਸਿੰਘ ਭੁੱਲਰ ਸਿੰਘ ਨੇ ਗੁਰਦੁਆਰਾ ਜਾਮਨੀ ਸਾਹਿਬ ਦੇ ਮੈਨੇਜਰ ਨੂੰ ਲੰਗਰ ਲਈ ਬੇਨਤੀ ਕੀਤੀ ਸੀ ਪਰ ਸ਼ਾਇਦ ਉਨ੍ਹਾਂ ਨੇ ਦਿੱਲੀ ਸਰਕਾਰ ਨਾਲ ਯਾਰੀ ਨਿਭਾਉਣ ਕਰਕੇ ਲੰਗਰ ਨਹੀਂ ਭੇਜਿਆ ਸੋ ਅਸੀਂ ਉਹਨਾਂ ਦਾ ਵੀ ਧੰਨਵਾਦ ਕਰਦੇ ਹਾਂ।

ਆਵਾਜ਼ਿ ਕੌਮ AWAZE QAUM International Newspaper & WEB TV

# ਸਿੱਖ ਇਤਿਹਾਸ ਤੋਂ ਕੌਮੀ ਜਥੇਦਾਰ ਜਗਤਾਰ ਸਿੰਘ ਹਵਾਰਾ ਤੱਕ ਚੜ੍ਹਦੀ ਕਲਾ ਦਾ ਪੈਂਡਾ

## ਜਦੋਂ ਆਤਮਿਕ ਬਲ ਅੱਗੇ ਢਿੱਕੇ ਪੈ ਗਏ ਜ਼ੁਲਮ ਤੇ ਜੇਲ੍ਹਾਂ ਦੇ ਪਹਿਰੇ

ਸਿੱਖ ਇਤਿਹਾਸ ਅਕਾਲ ਪੁਰਖ ਦੀ ਰਜ਼ਾ ਵਿੱਚ ਰਹਿਣ ਅਤੇ ਜ਼ੁਲਮ ਦੇ ਖਿਲਾਫ ਡਟਣ ਦੀ ਪ੍ਰਤੱਖ ਮਿਸਾਲ ਹੈ। ਜਦੋਂ ਰੂਹਾਨੀਅਤ ਦਾ ਬਲ ਅਤੇ ਸ਼ਸਤਰ ਦਾ ਤੇਜ਼ ਇੱਕਠੇ ਹੁੰਦੇ ਹਨ, ਤਾਂ ਚੜ੍ਹਦੀ ਕਲਾ ਦਾ ਉਹ ਸਿਖਰ ਸਿਰਜਿਆ ਜਾਂਦਾ ਹੈ ਜਿਸ ਨੂੰ ਦੁਨੀਆ ਦੀ ਕੋਈ ਵੀ ਤਾਕਤ ਝੁਕਾ ਨਹੀਂ ਸਕਦੀ।



ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥” (ਅੰਗ 1427)

ਅਰਥ: ਜੋ ਨਾ ਕਿਸੇ ਨੂੰ ਡਰਾਉਂਦਾ ਹੈ ਅਤੇ ਨਾ ਹੀ ਕਿਸੇ ਦਾ ਡਰ ਮੰਨਦਾ ਹੈ, ਉਹੀ ਅਸਲ ਰੂਹਾਨੀਅਤ ਦੇ ਮਾਰਗ ’ਤੇ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਜਾ ਕਾ ਹਰਿ ਸੇਤੀ ਮਨੁ ਮਾਨਿਆ ॥ ਤਾ ਕਾ ਕਾਜੁ ਸਭੁ ਹੋਇ ਨਿਬੇੜਿਆ ॥” (ਅੰਗ 1155) ਅਰਥ: ਜਿਸ ਦਾ ਮਨ ਪ੍ਰਭੂ ਨਾਲ ਜੁੜ ਜਾਂਦਾ ਹੈ, ਉਸ ਦੇ ਸਾਰੇ ਕਾਰਜ ਸਫਲ ਹੋ ਜਾਂਦੇ ਹਨ ਅਤੇ ਉਸ ਨੂੰ ਕੋਈ ਸੰਸਾਰਿਕ ਤਾਕਤ ਝੁਕਾ ਨਹੀਂ ਸਕਦੀ।

ਦੇਹ ਸਿਵਾ ਬਰੁ ਮੋਹਿ ਇਹੈ ਸੁਭ ਕਰਮਨ ਤੇ ਕਬਹੂੰ ਨ ਟਰੋਂ ॥ ਨ ਡਰੋਂ ਅਰਿ ਸੋ ਜਬ ਜਾਇ ਲਰੋਂ ਨਿਸਚੈ ਕਰਿ ਅਪਨੀ ਜੀਤ ਕਰੋ ॥” ਅਰਥ: ਹੇ ਅਕਾਲ ਪੁਰਖ! ਮੈਨੂੰ ਇਹ ਵਰ ਦਿਓ ਕਿ ਮੈਂ ਸ਼ੁਭ ਕਰਮ ਕਰਨ ਤੋਂ ਕਦੇ ਨਾ ਝਿਜਕਾਂ। ਜਦੋਂ ਵੀ ਦੁਸ਼ਮਣ ਨਾਲ ਜੰਗ ਵਿੱਚ ਉਤਰਾਂ, ਤਾਂ ਬਿਨਾਂ ਕਿਸੇ ਡਰ ਦੇ ਆਪਣੀ ਜਿੱਤ ਦਾ ਪੂਰਾ ਨਿਸ਼ਚਾ ਰੱਖ ਕੇ ਲੜਾਂ।

ਚੂਕਾਰ ਅਜ਼ ਹਮਹ ਹੀਲਤੇ ਦਰ ਗੁਜ਼ਸ਼ਤ ॥ ਹਲਾਲ ਅਸਤ ਬੁਰਦਨ ਬ ਸ਼ਮਸ਼ੀਰ ਦਸਤ ॥” (ਜ਼ਫ਼ਰਨਾਮਾ) ਅਰਥ: ਜਦੋਂ ਇਨਸਾਫ਼ ਪ੍ਰਾਪਤ ਕਰਨ ਦੇ ਸਾਰੇ ਹੀਲੇ ਤੇ ਰਾਹ ਖ਼ਤਮ ਹੋ ਜਾਣ, ਤਾਂ ਹੱਥ ਵਿੱਚ ਤਲਵਾਰ ਚੁੱਕਣਾ ਹੀ ਧਰਮ ਅਤੇ ਜਾਇਜ਼ ਹੈ।

ਬਾਬਾ ਦੀਪ ਸਿੰਘ ਜੀ ਦਾ ਜੀਵਨ ਰੂਹਾਨੀਅਤ ਅਤੇ ਵੀਰ ਰਸ ਦਾ ਅਨੂਠਾ ਸੰਗਮ ਸੀ। ਇੱਕ ਪਾਸੇ ਉਹ ਗੁਰਬਾਣੀ ਦੇ ਮਹਾਨ ਵਿਦਵਾਨ ਅਤੇ ਲਿਖਾਰੀ ਸਨ (ਰੂਹਾਨੀ ਜੀਵਨ), ਤੇ ਦੂਜੇ ਪਾਸੇ 75 ਸਾਲ ਦੀ ਉਮਰ ਵਿੱਚ ਸੀਸ ਹਥੇਲੀ ’ਤੇ ਰੱਖ ਕੇ ਸ਼੍ਰੀ ਹਰਿਮੰਦਰ ਸਾਹਿਬ ਦੀ ਆਜ਼ਾਦੀ ਲਈ ਲੜੇ (ਚੜ੍ਹਦੀ ਕਲਾ ਤੇ ਵੀਰ ਰਸ)। ਮਹਾਨ ਸਿੱਖ ਜਰਨੈਲ ਹਰੀ ਸਿੰਘ ਨਲੂਆ ਨੇ ਆਪਣੀ ਬਹਾਦਰੀ ਅਤੇ ਖੰਡੇ ਦੇ ਜੋਰ ਨਾਲ ਅਫ਼ਗਾਨਾਂ ਦੇ ਨੱਕ ’ਚ ਦਮ ਕਰ ਦਿੱਤਾ ਸੀ। ਉਨ੍ਹਾਂ ਦਾ ਨਾਂ ਸੁਣ ਕੇ ਅੱਜ ਵੀ ਵਿਰੋਧੀ ਕੰਬਦੇ ਹਨ, ਜੋ ਸਿੱਖੀ ਦੀ ਬੀਰ ਰਸ ਸ਼ਾਨ ਦਾ ਪ੍ਰਤੀਕ ਹੈ।

ਜਥੇਦਾਰ ਜਗਤਾਰ ਸਿੰਘ ਹਵਾਰਾ ਦਾ ਜੀਵਨ ਵੀ ਉਸੇ ਸਿੱਖ ਇਤਿਹਾਸਿਕ ਪਰੰਪਰਾ ਨਾਲ ਜੋੜ ਕੇ ਦੇਖਿਆ ਜਾਂਦਾ ਹੈ, ਜਿੱਥੇ ਲੰਮੇ ਸਮੇਂ ਦੀਆਂ ਜੇਲ੍ਹ ਯਾਤਰਾਵਾਂ, ਸਰੀਰਕ ਕਸ਼ਟ ਅਤੇ ਉੱਚੀਆਂ ਕੰਧਾਂ ਵੀ ਮਨੋਬਲ ਨੂੰ ਤੋੜ ਨਹੀਂ ਸਕੀਆਂ। ਇਹ ਸਿਦਕ, ਜੇਲ੍ਹਾਂ ਦੀਆਂ ਸਲਾਖਾਂ ਤੋਂ ਪਾਰ ਜਾ ਕੇ ਵੀ ਰੂਹਾਨੀ ਅਤੇ ਚੜ੍ਹਦੀ ਕਲਾ ਵਾਲੇ ਅਡੋਲ ਇਰਾਦੇ ਦਾ ਪ੍ਰਤੀਕ ਬਣਿਆ ਹੋਇਆ ਹੈ।

ਇਸੇ ਅਟੱਲ ਜਜ਼ਬੇ ਅਤੇ ਨਿਰਭੈਤਾ ਨੂੰ ਮਸ਼ਹੂਰ ਗਾਇਕ ਬੱਬੂ ਮਾਨ ਨੇ ਆਪਣੇ ਗੀਤ ਦੀਆਂ ਇਨ੍ਹਾਂ ਬੁਲੰਦ ਸਤਰਾਂ ਵਿੱਚ ਬਿਆਨ ਕੀਤਾ ਹੈ:

ਕਾਹਨੂੰ ਡੱਕਦੀਆਂ ਜੇਲਾਂ...
ਸੁਰੰਗਾਂ ਪੱਟ ਕੇ ਲੰਘ ਗਏ ਅਗਲੇ...

ਇਹ ਲਾਈਨਾਂ ਉਸੇ ਬੇਖੌਫ਼ ਹੌਂਸਲੇ ਦੀ ਗਵਾਹੀ ਦਿੰਦੀਆਂ ਹਨ ਜੋ ਸਰੀਰਕ ਬੰਧਨਾਂ ਅਤੇ ਚਾਰ ਦੀਵਾਰੀਆਂ ਨੂੰ ਹਿੱਕ ਦੇ ਜੋਰ ਨਾਲ ਨਕਾਰ ਦਿੰਦਾ ਹੈ।

**-ਪਰਗਟ ਸਿੰਘ ਬਲਬੇੜਾ, 9022000070**

# ਸਿਖਰਾਂ ਤੇ ਪਹੁੰਚੀ ਮਹਿੰਗਾਈ ਨੇ ਗਰੀਬਾਂ ਦਾ ਲੱਕ ਤੋੜਿਆ, ਗਰੀਬ ਜਨਤਾ ਤ੍ਰਾਹ ਤ੍ਰਾਹ ਕਰ ਕਰ ਉਠੀ : ਚੰਦਨਪ੍ਰੀਤ ਕੌਰ ਅਲਕਾ

**ਫਿਰੋਜ਼ਪੁਰ 22 ਅਗਸਤ (ਮਨੋਹਰ ਲਾਲ)**-ਅਧਿਕਾਰ ਸੰਘਰਸ਼ ਪਾਰਟੀ ਦੀ ਵਿਧਾਨ ਸਭਾ ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਦੇਸ਼ ਅਤੇ ਪੰਜਾਬ ਵਿੱਚ ਨਿਰੰਤਰ ਵੱਧ ਰਹੀ ਮਹਿੰਗਾਈ ਨੇ ਗਰੀਬਾਂ ਦਾ ਲੱਕ ਤੋੜ ਕੇ ਰੱਖ ਦਿੱਤਾ ਹੈ ।ਰੋਜ਼ਮਰਾ ਦੀਆਂ ਵਰਤੋਂ ਵਾਲੀਆਂ ਚੀਜ਼ਾਂ ਅਸਮਾਨ ਛੂਹ ਰਹੀਆਂ ਹਨ , ਆਮ ਜਨਤਾ ਦੇ ਘਰਾਂ ਦਾ ਬਜਟ ਬੇਹਾਲ ਹੋ ਗਿਆ ਹੈ। ਗਰੀਬਾਂ ਅਤੇ ਮਜ਼ਦੂਰਾਂ ਵੱਲੋਂ ਦੋ ਵਕਤ ਦੀ ਰੋਟੀ ਦਾ ਜੁਗਾੜ ਕਰਨਾ ਔਖਾਂ ਹੋ ਗਿਆ ਹੈ। ਖਾਣ ਪੀਣ ਵਾਲੀਆਂ ਵਸਤੂਆਂ ਜਿਵੇਂ ਦੁੱਧ, ਦਾਲਾਂ, ਆਟਾ , ਚਾਵਲ , ਖੰਡ ਅਤੇ ਚਾਹ ਪੱਤੀ ਅਤੇ ਹਰੀਆਂ ਸਬਜ਼ੀਆਂ ਗਰੀਬ ਲੋਕਾਂ ਦੀ ਪੁਹੰਚ ਤੋਂ ਲਾਂਭੇ ਹੋ ਗਈਆਂ ਹਨ। ਪੈਟਰੋਲ, ਡੀਜ਼ਲ ਅਤੇ ਐਲਪੀਜੀ ਗੈਸ ਦੀਆਂ ਵਧੀਆਂ ਕੀਮਤਾਂ ਨੇ ਸਿਖਰਾਂ ਛੂੰਹਦੀ ਮਹਿੰਗਾਈ ਤੇ ਬਲਦੀ ਤੇ ਤੇਲ ਪਾਉਣ ਦਾ ਕੰਮ ਕੀਤਾ ਹੈ। ਪੈਟਰੋਲ ਅਤੇ ਡੀਜ਼ਲ ਦੀਆਂ ਕੀਮਤਾਂ ਵੱਧਣ ਕਾਰਨ ਹਰ ਵਸਤੂ ਦੀ ਢੋਆ ਢੁਆਈ ਕਰਨ ਲਈ ਖ਼ਰਚਾ ਵੱਧ ਜਾਂਦਾਂ ਹੈ ਜਿਸ ਦਾ ਸਿੱਧਾ ਅਸਰ ਉਪਭੋਗਤਾਵਾਂਤੇ ਪੈਂਦਾ ਹੈ, ਸਿਖਰਾਂ ਦੀ ਮਹਿੰਗਾਈ ਵਿਚ ਗਰੀਬ ਪਿਸ ਰਿਹਾ ਹੈ,ਇਸ ਦਾ ਅਮੀਰ ਲੋਕਾਂ ਤੇ ਕੋਈ ਬੁਰਾ ਪ੍ਰਭਾਵ ਨਹੀਂ ਪੈਂਦਾ। ਬਹੁਗਿਣਤੀ ਗ਼ਰੀਬ ਲੋਕਾਂ ਅਤੇ ਮਜ਼ਦੂਰਾਂ ਦਾ ਕਹਿਣਾ ਹੈ ਕਿ ਉਨਾਂ ਦੀ ਦਿਹਾੜੀ ਅਤੇ ਆਮਦਨ ਵਿੱਚ ਕੋਈ ਵਾਧਾ ਨਹੀਂ ਹੋਇਆ ਸਗੋਂ ਘਰੇਲੂ ਅਤੇ ਹੋਰ ਖਰਚੇ ਦੁੱਗਣੇ ਹੋ ਗਏ ਹਨ। ਸਕੂਲਾਂ ਦੀਆਂ ਫੀਸਾਂ ਵਿੱਚ ਬੇਲੋੜਾ ਵਾਧਾ , ਦੁਵਾਈਆਂ ਦੇ ਲਗਾਤਾਰ ਵਧ ਰਹੇ ਰੇਟ ਭਾਵ ਹਰ ਸ਼ੈਅ ਦੇ ਭਾਅ ਵੱਧਣ ਕਾਰਨ ਆਮ ਜਨਤਾ ਦਾ ਜਿਊਣਾ ਦੁੱਭਰ ਕਰ ਦਿੱਤਾ ਹੈ, ਲੱਕ ਤੋੜਵੀਂ ਮਹਿੰਗਾਈ ਨੇ ਗਰੀਬਾਂ ਅਤੇ ਮਜ਼ਦੂਰਾਂ ਦੀ ਮਾਨਸਿਕ ਪ੍ਰੇਸ਼ਾਨੀ ਵਧਾ ਦਿੱਤੀ ਹੈ ।ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ ਤਤਕਾਲੀ ਰਵਾਇਤੀ ਪਾਰਟੀਆਂ ਦੀਆਂ ਸਰਕਾਰਾਂ ਅਤੇ ਮੌਜੂਦਾ ਸਰਕਾਰ ਨੇ ਮਹਿੰਗਾਈ ਨੂੰ ਪੱਕੇ ਤੌਰ ਤੇ ਠੱਲ ਪਾਉਣ ਲਈ ਕੋਈ ਠੋਸ ਉਪਰਾਲੇ ਨਹੀਂ ਕੀਤੇ , ਇਸ ਮਹੱਤਵਪੂਰਨ ਮੁੱਦੇ ਵੱਲ ਸਰਕਾਰਾਂ ਵਿਸ਼ੇਸ਼ ਧਿਆਨ ਨਹੀਂ ਦੇ ਰਹੀਆਂ ਜਿਸ ਕਾਰਨ ਗ਼ਰੀਬੀ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ। ਭਾਰਤ ਨਾਲੋਂ ਗੁਆਂਢੀ ਗ਼ਰੀਬ ਦੇਸ਼ਾਂ ਦਾ ਗ਼ਰੀਬੀ ਇੰਡੈਕਸ ਬੇਹਤਰ ਹੈ। ਹਲਕਾ ਇੰਚਾਰਜ ਜ਼ੀਰਾ ਮਿਸ ਚੰਦਨਪ੍ਰੀਤ ਕੌਰ ਅਲਕਾ ਨੇ ਕਿਹਾ ਕਿ 2027 ਵਿੱਚ ਅਧਿਕਾਰ ਸੰਘਰਸ਼ ਪਾਰਟੀ ਦੀ ਸਰਕਾਰ ਬਣਨ ਤੇ ਅਸਮਾਨੀ ਚੜ੍ਹੀ ਮਹਿੰਗਾਈ ਨੂੰ ਪੱਕੇ ਤੌਰ ਤੇ ਠੱਲ ਪਾਈ ਜਾਵੇਗੀ, ਗ਼ਰੀਬੀ, ਅਨਪੜ੍ਹਤਾ, ਬੇਰੁਜ਼ਗਾਰੀ, ਲੁੱਟਾਂ ਖੋਹਾਂ, ਕਤਲੇਆਮ, ਮਾਫੀਆ ਗ੍ਰੋਹਾਂ ਅਤੇ ਨਸ਼ਾ ਤਸਕਰਾਂ ਦਾ ਮੁਕੰਮਲ ਖਾਤਮਾ ਕੀਤਾ ਜਾਵੇਗਾ। ਅਧਿਕਾਰ ਸੰਘਰਸ਼ ਪਾਰਟੀ ਦੇ ਰਾਜ ਵਿੱਚ ਸਭ ਲਈ ਬਰਾਬਰ ਮੌਕੇ ਅਤੇ ਸਭ ਦਾ ਬਰਾਬਰ ਸਤਿਕਾਰ ਹੋਵੇਗਾ। ਅਸਪਾ ਦੀ ਸਰਕਾਰ ਬਣਨ ਤੇ ਲੈਂਡ ਸੀਲਿੰਗ ਸੁਧਾਰ ਐਕਟ 1972 ਲਾਗੂ ਕਰਕੇ ਗ਼ਰੀਬ ਬੇਜ਼ਮੀਨੇ ਲੋਕਾਂ ਨੂੰ 5-5 ਕਿਲੇ ਮਾਲਕੀ ਜ਼ਮੀਨ ਅਲਾਟ ਕੀਤੀ ਜਾਵੇਗੀ। ਉਨਾਂ ਕਿਹਾ ਕਿ ਸਰਪੰਚਾਂ ਨੂੰ 5000/ ਰੁਪਏ ਪ੍ਰਤੀ ਮਹੀਨਾ ਮਾਣ ਭੱਤਾ ਅਤੇ ਪੈਂਡੂ ਚੌਂਕੀਦਾਰਾਂ ਨੂੰ 5000/ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇਗੀ। ਪੰਜਾਬ ਵਿੱਚ ਕਾਨੂੰਨ ਅਤੇ ਸੰਵਿਧਾਨ ਦਾ ਰਾਜ ਹੋਵੇਗਾ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਧੂਰੀ ਹਲਕੇ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀ ਸਾਂਝੀ ਮੀਟਿੰਗ ਵਿੱਚ

# 18 ਮੈਂਬਰੀ ਤਾਲਮੇਲ ਕਮੇਟੀ ਦਾ ਗਠਨ



**ਧੂਰੀ, ( ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਇੱਕ ਸਾਂਝੀ ਮੀਟਿੰਗ ਵਿਸ਼ਵਕਰਮਾ ਮੰਦਰ ਵਿਖੇ ਹੋਈ। ਮੀਟਿੰਗ ਵਿੱਚ ਵੱਖ-ਵੱਖ ਪੈਨਸ਼ਨਰ ਆਗੂਆਂ ਅਤੇ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨੂੰ ਲੈ ਕੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਸਰਬਸੰਮਤੀ ਨਾਲ 18 ਮੈਂਬਰੀ ਤਾਲਮੇਲ ਕਮੇਟੀ ਦਾ ਗਠਨ ਕੀਤਾ ਗਿਆ। ਫੈਸਲਾ ਕੀਤਾ ਗਿਆ ਕਿ ਇਹ ਕਮੇਟੀ ਧੂਰੀ ਹਲਕੇ ਦੀਆਂ ਸਮੂਹ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨਾਲ ਤਾਲਮੇਲ ਕਰਕੇ ਇਸ ਇਕੱਠ ਨੂੰ ਹੋਰ ਮਜ਼ਬੂਤ ਕਰੇਗੀ ਅਤੇ ਮੁਲਾਜ਼ਮ-ਪੈਨਸ਼ਨਰ ਵਰਗ ਦੀ ਲਹਿਰ ਨੂੰ ਪਿੰਡ-ਪਿੰਡ ਅਤੇ ਹਲਕੇ ਪੱਧਰ ਤੱਕ ਪ੍ਰਫੁੱਲਿਤ ਕੀਤਾ ਜਾਵੇਗਾ। ਮੀਟਿੰਗ ਵਿੱਚ ਇਹ ਵੀ ਫੈਸਲਾ ਕੀਤਾ ਗਿਆ ਕਿ 27 ਅਗਸਤ ਦੇ ਪ੍ਰੋਗਰਾਮ ਤੋਂ ਬਾਅਦ ਧੂਰੀ ਹਲਕੇ ਵਿੱਚ ਇੱਕ ਵੱਡੀ ਮੀਟਿੰਗ ਕਰਕੇ ਪੰਜਾਬ ਪੱਧਰ 'ਤੇ ਵੱਡੇ ਰੋਸ ਮੁਜ਼ਾਹਰੇ ਜਾਂ ਰੈਲੀ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ। ਇਸ ਦੇ ਨਾਲ ਹੀ 27 ਅਗਸਤ ਦੇ ਦਿੱਤੇ ਸੱਦੇ ਨੂੰ ਪੂਰੀ ਤਰ੍ਹਾਂ ਕਾਮਯਾਬ ਕਰਨ ਅਤੇ ਸਤੌਜ ਵਿਖੇ ਹੋ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਵੀ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਮਹਿੰਗਾਈ ਭੱਤੇ ਦੀਆਂ ਬਕਾਇਆ ਕਿਸ਼ਤਾਂ ਜਾਰੀ ਕੀਤੀਆਂ ਜਾਣ, ਪੁਰਾਣੀ ਪੈਨਸ਼ਨ ਸਕੀਮ ਬਹਾਲ ਕੀਤੀ ਜਾਵੇ, 17-07-2020 ਦਾ ਪੱਤਰ ਵਾਪਸ ਲਿਆ ਜਾਵੇ ਅਤੇ 15-01-2015 ਦਾ ਲੈਟਰ ਵਾਪਸ ਲਿਆ ਜਾਵੇ। ਇਸ ਤੋਂ ਇਲਾਵਾ ਕੱਚੇ ਮੁਲਾਜ਼ਮਾਂ ਨੂੰ ਪੱਕਾ ਕਰਨ, ਆਂਗਣਵਾੜੀ ਵਰਕਰਾਂ ਦੇ ਮਾਣ-ਭੱਤੇ ਵਿੱਚ ਵਾਧਾ ਕਰਨ ਅਤੇ ਆਂਗਣਵਾੜੀ ਵਰਕਰਾਂ ਦੀ ਸੁਪਰਵਾਈਜ਼ਰ ਵਜੋਂ ਕੀਤੀ ਪਦਉੱਨਤੀ ਦੀ ਸੇਵਾ ਨੂੰ ਪੈਨਸ਼ਨ ਸਬੰਧੀ ਲਾਭਾਂ ਲਈ ਗਿਣਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਸਕੂਲਾਂ ਵਿੱਚ ਦਰਜਾ-ਚਾਰ ਦੇ ਤੌਰ 'ਤੇ ਕੰਮ ਕਰ ਰਹੇ ਸਵੀਪਰਾਂ, ਚੌਂਕੀਦਾਰਾਂ ਅਤੇ ਹੋਰ ਮੁਲਾਜ਼ਮਾਂ, ਜਿਨ੍ਹਾਂ ਨੂੰ ਬਹੁਤ ਘੱਟ ਮਾਣ-ਭੱਤੇ ਜਾਂ ਤਨਖਾਹ 'ਤੇ ਕੰਮ ਕਰਨਾ ਪੈ ਰਿਹਾ ਹੈ, ਦੀਆਂ ਸਮੱਸਿਆਵਾਂ 'ਤੇ ਵੀ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਮੁਲਾਜ਼ਮਾਂ ਨੂੰ ਵੀ ਬਣਦੇ ਹੱਕ ਦਿੱਤੇ ਜਾਣ ਅਤੇ ਕੱਚੇ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇ। ਆਗੂਆਂ ਨੇ ਕਿਹਾ ਕਿ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਗੌਲਿਆ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਤਾਲਮੇਲ ਕਮੇਟੀ ਵੱਲੋਂ ਸਾਰੀਆਂ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਨਾਲ ਸੰਪਰਕ ਕਰਕੇ ਧੂਰੀ ਹਲਕੇ ਵਿੱਚ ਇੱਕ ਮਜ਼ਬੂਤ ਸਾਂਝੀ ਲਹਿਰ ਖੜ੍ਹੀ ਕੀਤੀ ਜਾਵੇਗੀ, ਤਾਂ ਜੋ ਸਰਕਾਰ ਨੂੰ ਇਹ ਸਪੱਸ਼ਟ ਸੰਦੇਸ਼ ਦਿੱਤਾ ਜਾ ਸਕੇ ਕਿ ਮੁਲਾਜ਼ਮ ਅਤੇ ਪੈਨਸ਼ਨਰ ਵਰਗ ਨਾਲ ਕੀਤੇ ਜਾ ਰਹੇ ਵਿਤਕਰੇ ਦੀ ਕੀਮਤ ਸਰਕਾਰ ਨੂੰ ਚੁਕਾਉਣੀ ਪਵੇਗੀ। ਮੀਟਿੰਗ ਵਿੱਚ ਵਾਸਵੀਰ ਸਿੰਘ ਭੁੱਲਰ, ਕਮਲ ਸੰਧੂ, ਸਰਬਜੀਤ ਸਿੰਘ, ਕੁਲਵੰਤ ਸਿੰਘ, ਗੁਰਜੰਟ ਸਿੰਘ, ਹਰਬੰਸ ਸਿੰਘ, ਰਾਮ ਸਿੰਘ, ਅਸ਼ੋਕ ਕੁਮਾਰ, ਕੁਲਜੀਤ ਸ਼ਰਮਾ, ਜਸਵੀਰ ਸਿੰਘ, ਸੰਦੀਪ ਕੁਮਾਰ, ਮਨਪ੍ਰੀਤ ਕੌਰ, ਹਰਜਿੰਦਰ ਸਿੰਘ, ਪ੍ਰੇਮ ਸਿੰਘ, ਸਰਬਜੀਤ ਸਿੰਘ (ਸੀਨੀਅਰ ਸਿਟੀਜ਼ਨ), ਹਰਦੇਵ ਸਿੰਘ ਜਵੰਦਾ, ਗੁਰਪ੍ਰੀਤ ਸਿੰਘ, ਨੀਰਜ ਕੁਮਾਰ ,ਸੁਰਿੰਦਰ ਜੋਸ਼ੀ, ਹਰਚਰਨ ਜੇ ਈ , ਮਹਿੰਦਰ ਸਿੰਘ, ਕੁਲਦੀਪ ਸਿੰਘ ਸਮੇਤ ਹੋਰ ਆਗੂਆਂ ਨੇ ਸ਼ਮੂਲੀਅਤ ਕੀਤੀ। ਅੰਤ ਵਿੱਚ ਸਮੂਹ ਆਗੂਆਂ ਅਤੇ ਹਾਜ਼ਰ ਸਾਥੀਆਂ ਨੇ 27 ਅਗਸਤ ਦੇ ਪ੍ਰੋਗਰਾਮ ਨੂੰ ਪੂਰੀ ਤਰ੍ਹਾਂ ਕਾਮਯਾਬ ਕਰਨ ਅਤੇ ਸਤੌਜ ਵਿਖੇ ਹੋ ਰਹੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਅਹਿਦ ਲਿਆ।

### ਜੀਤਮਹਿੰਦਰ ਸਿੰਘ ਸਿੱਧੂ ਵੱਲੋਂ ਵਰਕਰ ਮਿਲਣੀਆਂ ਜਾਰੀ

# ਕਾਂਗਰਸ ਦੀਆਂ ਭਵਿੱਖੀ ਯੋਜਨਾਵਾਂ ਦੇ ਪ੍ਰਚਾਰ ਦੀ ਅਪੀਲ





**ਤਲਵੰਡੀ ਸਾਬੋ/ਮੌੜ ਮੰਡੀ, 22 ਅਗਸਤ (ਗੁਰੰਟ ਸਿੰਘ ਨਥੇਹਾ)**-ਵਿਧਾਨ ਸਭਾ ਹਲਕਾ ਮੌੜ 'ਚ ਕਾਂਗਰਸ ਪਾਰਟੀ ਦੀ ਅਗਵਾਈ ਕਰ ਰਹੇ ਸੀਨੀਅਰ ਆਗੂ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਵੱਲੋਂ ਪਿਛਲੇ ਸਮੇਂ ਤੋਂ ਆਗੂਆਂ ਤੇ ਵਰਕਰਾਂ ਨਾਲ ਆਰੰਭੇ ਮੀਟਿੰਗਾਂ ਦੇ ਦੌਰ ਤਹਿਤ ਬੁਰਜ ਸੇਮਾ ਅਤੇ ਰਾਮਗੜ੍ਹ ਭੂੰਦੜ ਵਿਖੇ ਮੀਟਿੰਗਾਂ ਕਰਦਿਆਂ ਵਰਕਰਾਂ ਨੂੰ ਕਾਂਗਰਸ ਦੀਆਂ ਭਵਿੱਖੀ ਯੋਜਨਾਵਾਂ ਦੇ ਪ੍ਰਚਾਰ ਦੀ ਅਪੀਲ ਕੀਤੀ ਗਈ। ਟੀਮ ਸਿੱਧੂ ਵੱਲੋਂ ਮੁਹੱਈਆ ਜਾਣਕਾਰੀ ਅਨੁਸਾਰ ਮੀਟਿੰਗਾਂ ਚ ਕਾਂਗਰਸੀ ਆਗੂਆਂ ਨੂੰ ਸੰਬੋਧਨ ਹੁੰਦਿਆਂ ਜੀਤਮਹਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਸੂਬੇ ਦੇ ਹੋਰਨਾਂ ਹਿੱਸਿਆਂ ਵਾਂਗ ਮੌੜ ਹਲਕੇ ਦੇ ਲੋਕ ਵੀ ਇਹ ਗੱਲ ਭਲੀਭਾਂਤ ਜਾਣ ਚੁੱਕੇ ਹਨ ਕਿ ਹਲਕੇ ਨੂੰ ਤਰੱਕੀ ਅਤੇ ਖੁਸ਼ਹਾਲੀ ਵੱਲ ਲੈ ਜਾਣ ਲਈ ਕਾਂਗਰਸ ਪਾਰਟੀ ਦਾ ਸਾਥ ਦੇਣਾ ਜ਼ਰੂਰੀ ਹੈ ਤੇ ਦਿਨ ਬ ਦਿਨ ਲੋਕਾਂ ਦਾ ਭਰਪੂਰ ਸਹਿਯੋਗ ਮਿਲ ਵੀ ਰਿਹਾ ਹੈ। ਉਨਾਂ ਕਿਹਾ ਕਿ ਆਗਾਮੀ ਵਿਧਾਨ ਸਭਾ ਚੋਣਾਂ ਨੂੰ ਧਿਆਨ 'ਚ ਰੱਖਦਿਆਂ ਇਹ ਜ਼ਰੂਰੀ ਬਣ ਗਿਆ ਹੈ ਕਿ ਅਸੀਂ ਹੁਣ ਇਕਜੁਟਤਾ ਨਾਲ ਕਾਂਗਰਸ ਨੂੰ ਬੂਥ ਪੱਧਰ 'ਤੇ ਹੋਰ ਮਜ਼ਬੂਤ ਕਰੀਏ ਤੇ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਨ ਲਈ ਕੰਮ ਕਰੀਏ ਤੇ ਅਜਿਹਾ ਤਾਂ ਹੀ ਹੋ ਸਕਦਾ ਹੈ ਅਗਰ ਅਸੀਂ ਪੰਜਾਬ ਪ੍ਰਤੀ ਕਾਂਗਰਸ ਪਾਰਟੀ ਦੀਆਂ ਭਵਿੱਖੀ ਨੀਤੀਆਂ ਨੂੰ ਘਰ ਘਰ ਤੱਕ ਪਹੁੰਚਾ ਸਕੀਏ। ਉਨਾਂ ਨੇ ਆਗੂਆਂ ਨੂੰ ਅਪੀਲ ਕੀਤੀ ਕਿ ਉਹ ਮੌਜੂਦਾ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਕਾਂਗਰਸ ਦੀਆਂ ਪੰਜਾਬ ਪੱਖੀ ਨੀਤੀਆਂ ਤੋਂ ਲੋਕਾਂ ਨੂੰ ਜਾਣੂੰ ਕਰਵਾ ਕੇ ਕਾਂਗਰਸ ਦੇ ਕਾਫਲੇ ਨੂੰ ਹੋਰ ਵਿਸ਼ਾਲ ਕਰਨ ਲਈ ਦਿਨ ਰਾਤ ਇੱਕ ਕਰ ਦੇਣ ਤਾਂਕਿ ਵਿਧਾਨ ਸਭਾ ਚੋਣਾਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੀਟ ਜਿੱਤਕੇ ਪਾਰਟੀ ਦੀ ਝੋਲੀ ਪਾਈ ਜਾ ਸਕੇ। ਮੀਟਿੰਗਾਂ ਦੌਰਾਨ ਵੱਡੀ ਗਿਣਤੀ ਕਾਂਗਰਸੀ ਆਗੂ ਮੌਜੂਦ ਨਜ਼ਰ ਆਏ।

# ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਵਿਸ਼ਵ ਸੀਨੀਅਰ ਸਿਟੀਜਨ ਦਿਵਸ ਮਨਾਇਆ




ਫਿਰੋਜ਼ਪੁਰ 22 ਅਗਸਤ (ਮਨੋਹਰ ਲਾਲ): ਫ਼ਿਰੋਜ਼ਪੁਰ ਹਰ ਸਾਲ 21 ਅਗਸਤ ਨੂੰ ਵਿਸ਼ਵ ਸੀਨੀਅਰ ਸਿਟੀਜਨ ਦਿਵਸ ਮਨਾਇਆ ਜਾਂਦਾ ਹੈ । ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਵੱਲੋਂ ਇਸ ਵਾਰ ਅੱਜ ਰਾਮ ਬਾਗ ਬਿਰਧ ਆਸ਼ਰਮ ਫ਼ਿਰੋਜ਼ਪੁਰ ਛਾਉਣੀ ਵਿਖੇ ਸੀਨੀਅਰ ਸਿਟੀਜਨ ਦਿਵਸ ਮਨਾਇਆ ਗਿਆ। ਇਹ ਸਮਾਗ਼ਮ ਫ਼ੋਰਮ ਦੇ ਪ੍ਰਧਾਨ ਸ਼੍ਰੀ ਪਰਦੀਪ ਧਵਨ ਜੀ ਦੀ ਅਗਵਾਈ ਵਿੱਚ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸਮਾਗ਼ਮ ਦੇ ਆਰੰਭ ਵਿੱਚ ਗੀਤ ਸੰਗੀਤ ਦੀ ਮੰਡਲੀ ਵੱਲੋਂ ਧਾਰਮਿਕ ਕੀਰਤਨ ਅਤੇ ਸ਼ਬਦ ਗਾਏਗੇ। ਜਿੰਨਾ ਵਿੱਚ ਫ਼ੋਰਮ ਦੇ ਮੈਬਰ ਸ਼੍ਰੀ ਅਸ਼ੋਕ ਕੁਮਾਰ ਵੀ ਸ਼ਿਮਲ ਸਨ। ਇਸ ਮੌਕੇ ਸ਼੍ਰੀ ਸਤੀਸ਼ ਪੂਰੀ ਸੀਨੀਅਰ ਮੀਤ ਪ੍ਰਧਾਨ ਜੀ ਦੇ ਵੱਡੇ ਭੈਣ ਜੀ ਨੂੰ ਸਾਰੇ ਹਾਜਰ ਮੈਂਬਰਾਂ ਨੇ ਖੜੇ ਹੋ ਕੇ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਸ਼੍ਰੀ ਅਵਤਾਰ ਸਿੰਘ ਭੋਲਾ, ਪ੍ਰੋ. ਗੁਰਦੇਵ ਸਿੰਘ ਮਿੱਤਲ, ਤਿਲਕ ਰਾਜ ਐਰੀ, ਸ਼੍ਰੀ ਜਗਤਾਰ ਸਿੰਘ ਉਮਰ 103 ਸਾਲ, ਸ਼੍ਰੀ ਹਰੀਸ਼ ਗੋਇਲ ਪ੍ਰਬੰਧਕ ਰਾਮ ਬਾਗ ਬਿਰਧ ਆਸ਼ਰਮ ਫ਼ਿਰੋਜਪੁਰ ਛਾਉਣੀ, ਸ਼੍ਰੀ ਕ੍ਰਿਸ਼ਨ ਕੁਮਾਰ ਜੈਦਿਕਾ, ਡੀ ਆਰ ਗੋਇਲ, ਰਾਕੇਸ਼ ਸ਼ਰਮਾ, ਸ਼੍ਰੀ ਸਤੀਸ਼ ਪੂਰੀ, ਐਸ ਪੀ ਖੇੜਾ ਚੇਅਰਮੈਨ ਆਦਿ ਨੇ ਸੀਨੀਅਰ ਸਿਟੀਜਨ ਦਿਵਸ ਬਾਰੇ ਜਾਣਕਾਰੀ ਦਿੱਤੀ। ਫ਼ੋਰਮ ਵੱਲੋਂ ਸਮਾਜ ਦੇ ਸਤਿਕਾਰ ਯੋਗ ਬਜੁਰਗ ਸ਼੍ਰੀ ਜਗਤਾਰ ਸਿੰਘ, ਸ਼੍ਰੀ ਮਲ ਸਿੰਘ , ਸ਼੍ਰੀ ਕ੍ਰਿਸ਼ਨ ਕੁਮਾਰ ਜੈਦੀਕਾ ਅਤੇ ਫ਼ੋਰਮ ਦੇ ਮੈਬਰ ਸ਼੍ਰੀ ਚਰਨਜੀਤ ਮਹਾਜਨ ਦੀ ਪੋਤਰੀ ਕਸ਼ਵੀ ਮਹਾਜਨ ਨੂੰ ਵਿਸ਼ੇਸ ਤੌਰ ਤੇ ਸਨਮਾਨਿਤ ਕੀਤਾ ਗਿਆ। ਇਸ ਦੇ ਇਲਾਵਾ ਫੋਰਮ ਦੇ ਮਹੀਨਾ ਜੁਲਾਈ ਅਗਸਤ ਦੇ ਜਨਮ ਦਿਵਸ ਵਾਲੇ ਮੈਂਬਰਾਂ ਨੂੰ ਗਿਫਟਾਂ ਨਾਲ ਸਨਮਾਨਿਤ ਕੀਤਾ ਗਿਆ। ਜਿੰਨਾ ਵਿੱਚ ਸ਼੍ਰੀ ਅਵਤਾਰ ਸਿੰਘ ਭੋਲਾ, ਐਸ ਪੀ ਖੇੜਾ , ਪਰਵੇਸ਼ ਕੁਮਾਰ, ਜਗਦੀਸ਼ ਲਾਲ ਹੰਡਾ,ਪਰਵੀਨ ਕੁਮਾਰ ਤਲਵਾੜ ਮੋਹਿੰਦਰ ਸਿੰਘ ਧਾਲੀਵਾਲ, ਅਸ਼ੋਕ ਕੁਮਾਰ ਕਪਹੀ ,, ਅਸੀਮ ਕੁਮਾਰ , ਸਤੀਸ਼ ਸੇਠੀ ਸ਼ਾਮਿਲ ਸਨ , ਸ਼੍ਰੀ ਅਵਤਾਰ ਸਿੰਘ ਭੋਲਾ, ਕਿਸ਼ਨ ਕੁਮਾਰ ਜੈਡਿਕਾ, ਸ਼੍ਰੀ ਉਦੇ ਪ੍ਰਕਾਸ਼, ਮੋਹਿੰਦਰ ਸਿੰਘ ਧਾਲੀਵਾਲ ਨੇ ਫੋਰਮ ਨੂੰ ਮਾਇਕ ਸਹਾਇਤਾ ਕੀਤੀ। ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਨੇ ਰਾਮ ਬਾਗ ਬਿਰਧ ਆਸ਼ਰਮ ਫ਼ਿਰੋਜਪੁਰ ਛਾਉਣੀ ਦੇ ਬਜ਼ੁਰਗ ਔਰਤ ਅਤੇ ਗੁਰੂਕੁਲ ਦੇ ਬੱਚਿਆਂ ਨੂੰ ਫ਼ਲ ਵੰਡੇ ਅਤੇ ਰਾਮ ਬਾਗ ਬਿਰਧ ਆਸ਼ਰਮ ਫ਼ਿਰੋਜਪੁਰ ਛਾਉਣੀ ਨੂੰ ਮਾਇਕ ਸਹਾਇਤਾ ਕੀਤੀ। ਅੰਤ ਵਿੱਚ ਪ੍ਰਧਾਨ ਅੰਤ ਵਿੱਚ ਪਰਧਾਨ ਜੀ ਨੇਂ ਇਸ ਸਫਲ ਸਮਾਗ਼ਮ ਲਈ ਸ਼੍ਰੀ ਦੇਸ਼ ਬੰਧੂ ਤੁਲੀ, ਸ਼੍ਰੀ ਅਵਤਾਰ ਸਿੰਘ ਭੋਲਾ , ਸ਼੍ਰੀ ਗਤਿੰਦਰ ਕੁਮਾਰ ਕਮਲ ਕੈਸ਼ੀਅਰ , ਸ਼੍ਰੀ ਯੋਗਿੰਦਰ ਨਾਥ ਕੱਕਰ, ਸ਼ਾਮ ਲਾਲ ਗੱਖੜ ,ਦਾ ਧੰਨਵਾਦ ਕੀਤਾ। ਸਟੇਜ ਸੈਕਟਰੀ ਦੀ ਭੂਮਿਕਾ ਸ਼੍ਰੀ ਮੋਹਿੰਦਰ ਸਿੰਘ ਧਾਲੀਵਾਲ ਜਨਰਲ ਸਕੱਤਰ ਨੇ ਨਿਭਾਈ।

# ਐਸਸੀ ਬੀਸੀ ਰਾਖਵਾਂਕਰਨ ਦੀ ਬਿਜਾਏ ਪੇਪਰ ਲੀਕ ਅਤੇ ਲੈਟਰਲ ਐਂਟਰੀ ਵਰਗੇ ਗੰਭੀਰ ਮਸਲਿਆਂ ਦਾ ਵਿਰੋਧ ਕਰਨ ਲੋਕ : ਇੰਜ ਸੁਰਿੰਦਰ ਸਿੰਘ ਭਿੰਡਰ

ਫਿਰੋਜ਼ਪੁਰ 22 ਅਗਸਤ (ਮਨੋਹਰ ਲਾਲ):ਅਧਿਕਾਰ ਸੰਘਰਸ਼ ਪਾਰਟੀ ਦੇ ਸਟੇਟ ਦਫ਼ਤਰ ਤੋਂ ਪ੍ਰੈਸ ਨੋਟ ਜਾਰੀ ਕਰਦਿਆਂ ਪਾਰਟੀ ਦੇ ਪੰਜਾਬ ਪ੍ਰਧਾਨ ਅਤੇ ਪ੍ਰਮੁੱਖ ਸਲਾਹਕਾਰ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ 21 ਅਗਸਤ ਨੂੰ ਜੰਤਰ ਮੰਤਰ ਤੇ ਕੁਝ ਗੁੰਮਰਾਹ ਹੋਏ ਸ਼ਰਾਰਤੀ ਅਤੇ ਦੇਸ਼ ਵਿਰੋਧੀ ਅਨਸਰਾਂ ਵਲੋਂ ਅਨੁਸੂਚਿਤ ਅਤੇ ਪੱਛੜੀਆਂ ਜਾਤੀਆਂ ਦਾ ਰਾਖਵਾਂਕਰਨ ਖਤਮ ਕਰਨ ਦੀ ਕੇਂਦਰ ਸਰਕਾਰ ਤੋਂ ਮੰਗ ਕਰਦਿਆਂ ਪ੍ਰਦਰਸ਼ਨ ਕੀਤਾ। ਅਸੀਂ ਉਹਨਾਂ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਬਹਿਕਾਵੇ ਵਿੱਚ ਆ ਕੇ ਸਭ ਲਈ ਬਰਾਬਰ ਮੌਕੇ ਅਤੇ ਸਭ ਦਾ ਬਰਾਬਰ ਸਤਿਕਾਰ ਦੇ ਪ੍ਰੋਗਰਾਮ ਨੂੰ ਖਤਮ ਕਰਕੇ ਦੇਸ਼ ਦੀ ਵੰਡ ਵਾਲੇ ਪਾਸੇ ਨਾ ਤੋਰਨ, ਸਗੋਂ ਉਹ ਪੇਪਰ ਲੀਕ ਅਤੇ ਲੈਟਰਲ ਐਂਟਰੀ ਵਰਗੇ ਘਟੀਆ ਮਨਸੂਬਿਆਂ ਨੂੰ ਨੰਗਾ ਕਰਨ ਅਤੇ ਇਸ ਦਾ ਡੱਟ ਕੇ ਵਿਰੋਧ ਕਰਨ । ਇਹ ਵਰਤਾਰਾ ਦੇਸ਼ ਅਤੇ ਸਮਾਜ ਹਿੱਤ ਵਿੱਚ ਨਹੀਂ ਹੈ। ਫਰਜ਼ੀ ਡਿਗਰੀਆਂ ਖਰੀਦ ਕੇ ਅਤੇ ਪੇਪਰ ਲੀਕ ਰਾਹੀਂ ਸਿਸਟਮ ਤੇ ਕਾਬਜ਼ ਹੋਏ ਲੋਕ ਭ੍ਰਿਸ਼ਟਾਚਾਰ ਨੂੰ ਬੜਾਵਾ ਦਿੰਦੇ ਹਨ ਅਤੇ ਲੋਕਾਂ ਦੇ ਕੰਮਾਂ ਵਿੱਚ ਅੜਿੱਕਾ ਬਣਦੇ ਹਨ । ਉਹ ਧੜੱਲੇ ਨਾਲ ਬਿਨਾਂ ਕਿਸੇ ਖੌਫ ਲੁੱਟ ਖਸੁੱਟ ਕਰਦੇ ਹਨ। ਪ੍ਰਾਈਵੇਟ ਹਸਪਤਾਲਾਂ ਅਤੇ ਪ੍ਰਾਈਵੇਟ ਸਕੂਲਾਂ ਦੀ ਕਾਰਗੁਜਾਰੀ ਸਭ ਦੇ ਸਾਹਮਣੇ ਹੈ। ਰੇਜ਼ਰਵੇਸ਼ਨ ਰਾਹੀਂ ਆਏ ਗਰੀਬ ਵਰਗਾਂ ਦੇ ਲੋਕ ਇਮਾਨਦਾਰੀ ਨਾਲ ਅਤੇ ਦੇਸ਼ ਅਤੇ ਜਨਤਾ ਦੇ ਹਿੱਤ 'ਚ ਕੰਮ ਕਰਦੇ ਹਨ। ਇੰਜ ਭਿੰਡਰ ਨੇ ਕਿਹਾ ਕਿ ਰੀਜ਼ਰਵੇਸ਼ਨ ਦੇਸ਼ ਦੇ ਸਿਸਟਮ ਨੂੰ ਚਲਾਉਣ ਲਈ ਗਰੀਬ ਵਰਗਾਂ ਦੀ ਲਾਜ਼ਮੀ ਹਿੱਸੇਦਾਰੀ ਹੈ ਨਾ ਕਿ ਭੀਖ਼ । ਸ਼ਰਾਰਤੀ ਲੋਕ ਕੰਧ ਤੇ ਲਿਖਿਆ ਪੜ੍ਹ ਲੈਣ ਕਿ ਰਾਖਵੇਂਕਰਨ ਦਾ ਵਿਰੋਧ ਦੇਸ਼ ਨੂੰ ਵੰਡ ਵੱਲ ਧੱਕਣ ਦੀ ਸਾਜ਼ਿਸ਼ ਹੈ ਅਤੇ ਅਸੀਂ ਅਜਿਹਾ ਕਦੀ ਵੀ ਨਹੀਂ ਹੋਣ ਦਿਆਂਗੇ। ਭਾਰਤ ਵਿੱਚ ਵੱਖ ਵੱਖ ਧਰਮਾਂ, ਜਾਤਾਂ , ਭਸ਼ਾਵਾਂ ਅਤੇ ਬੋਲੀਆਂ ਦੇ ਲੋਕ ਵੱਸਦੇ ਹਨ ਇਸ ਨੂੰ ਕਿਸੇ ਖਾਸ ਵਰਗ ਵਿਸ਼ੇਸ਼ ਦੀ ਮਾਲਕੀਅਤ ਸਮਝਣਾ ਮੂਰਖਤਾ ਦੀ ਨਿਸ਼ਾਨੀ ਹੈ। ਅਸੀਂ ਭਾਰਤੀ ਲੋਕ ਅਜਿਹਾ ਕਦਾਚਿੱਤ ਵੀ ਨਹੀਂ ਹੋਣ ਦਿਆਂਗੇ।



ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਅਮਰੀਕੀ ਧਾਰਮਿਕ ਆਜ਼ਾਦੀ ਕਮਿਸ਼ਨ ਵਲੋਂ ਮੋਹਨ ਭਾਗਵਤ ਦੇ

# ਵਿਦੇਸ਼ ਦੌਰੇ ਤੋਂ ਪਹਿਲਾਂ ਆਰਐੱਸਐੱਸ ’ਤੇ ਪਾਬੰਦੀਆਂ ਦੀ ਮੰਗ

**ਨਵੀਂ ਦਿੱਲੀ 22 ਅਗਸਤ (ਮਨਪ੍ਰੀਤ ਸਿੰਘ ਖਾਲਸਾ):-** ਰਾਸ਼ਟਰੀ ਸਵੈਮਸੇਵਕ ਸੰਘ ਦੇ ਮੁਖੀ ਮੋਹਨ ਭਾਗਵਤ ਦੇ ਅਮਰੀਕਾ, ਕੈਨੇਡਾ ਅਤੇ ਬਰਤਾਨੀਆ ਦੌਰੇ ਤੋਂ ਪਹਿਲਾਂ ਅਮਰੀਕੀ ਕਮਿਸ਼ਨ ਫਾਰ ਇੰਟਰਨੈਸ਼ਨਲ ਰਿਲੀਜੀਅਸ ਫ੍ਰੀਡਮ (ਯੂਐੱਸਸੀਆਈਆਰਐੱਫ) ਦੇ ਮੈਂਬਰਾਂ ਨੇ ਅਮਰੀਕੀ ਅਧਿਕਾਰੀਆਂ ਨੂੰ ਆਰਐੱਸਐੱਸ ਆਗੂਆਂ ਨਾਲ ਉੱਚ ਪੱਧਰੀ ਮੁਲਾਕਾਤਾਂ ਅਤੇ ਕੂਟਨੀਤਕ ਸਨਮਾਨ ਤੋਂ ਗੁਰੇਜ਼ ਕਰਨ ਦੀ ਅਪੀਲ ਕੀਤੀ ਹੈ। ਕਮਿਸ਼ਨ ਪਹਿਲਾਂ ਹੀ ਆਰਐੱਸਐੱਸ ਨਾਲ ਜੁੜੇ ਮੈਂਬਰਾਂ ਵਿਰੁੱਧ ਧਾਰਮਿਕ ਆਜ਼ਾਦੀ ਦੀ ਉਲੰਘਣਾ ਨਾਲ ਸਬੰਧਤ ਦੋਸ਼ਾਂ ਦੇ ਆਧਾਰ ’ਤੇ ਨਿਸ਼ਾਨਾਬੱਧ ਪਾਬੰਦੀਆਂ ਅਤੇ ਯਾਤਰਾ ਪਾਬੰਦੀਆਂ ਲਗਾਉਣ ਦੀ ਸਿਫਾਰਸ਼ ਕਰ ਚੁੱਕਾ ਹੈ। ਕਮਿਸ਼ਨ ਦੇ ਚੇਅਰਮੈਨ ਆਸਿਫ ਮਹਿਮੂਦ ਨੇ ਕਿਹਾ ਕਿ ਭਾਗਵਤ ਦਾ ਦੌਰਾ ਅਜਿਹੇ ਸਮੇਂ ਹੋ ਰਿਹਾ ਹੈ ਜਦੋਂ ਆਰਐੱਸਐੱਸ ਨਾਲ ਜੁੜੀਆਂ ਸੰਸਥਾਵਾਂ ’ਤੇ ਮੁਸਲਮਾਨਾਂ ਅਤੇ ਇਸਾਈਆਂ ਸਮੇਤ ਧਾਰਮਿਕ ਘੱਟਗਿਣਤੀਆਂ ਵਿਰੁੱਧ ਹਮਲਿਆਂ ਦੇ ਦੋਸ਼ ਲੱਗਦੇ ਰਹੇ ਹਨ। ਕਮਿਸ਼ਨਰ ਜੀਨ ਮਿਲਜ਼ ਨੇ ਕਿਹਾ ਕਿ ਅਮਰੀਕਾ ਨੂੰ ਆਰਐੱਸਐੱਸ ਦੇ ਉਨ੍ਹਾਂ ਮੈਂਬਰਾਂ ਵਿਰੁੱਧ ਪਾਬੰਦੀਆਂ ਲਗਾਉਣੀਆਂ ਚਾਹੀਦੀਆਂ ਹਨ, ਜਿਨ੍ਹਾਂ ਨੂੰ ਧਾਰਮਿਕ ਆਜ਼ਾਦੀ ਦੀ ਉਲੰਘਣਾ ਲਈ ਜ਼ਿੰਮੇਵਾਰ ਪਾਇਆ ਜਾਂਦਾ ਹੈ। ਸਾਬਕਾ ਚੇਅਰ ਨਾਡੀਨ ਮੈਂਜਾ ਨੇ ਵੀ ਭਾਗਵਤ ਨੂੰ ਕਮਿਸ਼ਨ ਦੇ ਮੈਂਬਰਾਂ ਨਾਲ ਸਿੱਧੀ ਮੁਲਾਕਾਤ ਕਰਕੇ ਉਨ੍ਹਾਂ ਵੱਲੋਂ ਦਰਜ ਕੀਤੀਆਂ ਚਿੰਤਾਵਾਂ ਦਾ ਜਵਾਬ ਦੇਣ ਦੀ ਅਪੀਲ ਕੀਤੀ ਹੈ। ਇਸ ਸਾਲ ਮਾਰਚ ਵਿੱਚ ਜਾਰੀ ਆਪਣੀ ਸਾਲਾਨਾ ਰਿਪੋਰਟ ਵਿੱਚ ਕਮਿਸ਼ਨ ਨੇ ਭਾਰਤ ਵਿੱਚ ਧਾਰਮਿਕ ਆਜ਼ਾਦੀ ਦੀ ਸਥਿਤੀ ’ਤੇ ਚਿੰਤਾ ਪ੍ਰਗਟ ਕਰਦਿਆਂ ਆਰਐੱਸਐੱਸ ਅਤੇ ਰਿਸਰਚ ਐਂਡ ਐਨਾਲਿਸਿਸ ਵਿੰਗ ਵਿਰੁੱਧ ਨਿਸ਼ਾਨਾਬੱਧ ਪਾਬੰਦੀਆਂ ਦੀ ਸਿਫਾਰਸ਼ ਕੀਤੀ ਸੀ। ਨਾਲ ਹੀ ਲਗਾਤਾਰ ਸੱਤਵੀਂ ਵਾਰ ਭਾਰਤ ਨੂੰ ‘ਧਾਰਮਿਕ ਆਜ਼ਾਦੀ ਲਈ ਵਿਸ਼ੇਸ਼ ਚਿੰਤਾ ਵਾਲਾ ਦੇਸ਼’ ਐਲਾਨਣ ਦੀ ਮੰਗ ਕੀਤੀ ਗਈ। ਭਾਰਤ ਸਰਕਾਰ ਨੇ ਕਮਿਸ਼ਨ ਦੀਆਂ ਰਿਪੋਰਟਾਂ ਨੂੰ ਪੱਖਪਾਤੀ ਅਤੇ ਰਾਜਨੀਤਿਕ ਮਕਸਦਾਂ ਤੋਂ ਪ੍ਰੇਰਿਤ ਕਰਾਰ ਦਿੰਦਿਆਂ ਰੱਦ ਕੀਤਾ ਹੈ। ਵਿਦੇਸ਼ ਮੰਤਰਾਲੇ ਨੇ ਕਿਹਾ ਕਿ ਕਮਿਸ਼ਨ ਨੂੰ ਅਮਰੀਕਾ ਵਿੱਚ ਹਿੰਦੂ ਮੰਦਰਾਂ ’ਤੇ ਹੋ ਰਹੀਆਂ ਤੋੜਫੋੜ ਦੀਆਂ ਘਟਨਾਵਾਂ ਅਤੇ ਭਾਰਤੀ ਪ੍ਰਵਾਸੀਆਂ ਨੂੰ ਦਰਪੇਸ਼ ਕਥਿਤ ਧਮਕੀਆਂ ਵੱਲ ਵੀ ਧਿਆਨ ਦੇਣਾ ਚਾਹੀਦਾ ਹੈ। ਮੋਹਨ ਭਾਗਵਤ ਦਾ ਵਿਦੇਸ਼ ਦੌਰਾ 25 ਅਗਸਤ ਤੋਂ ਸ਼ੁਰੂ ਹੋਣ ਜਾ ਰਿਹਾ ਹੈ ਅਤੇ ਇਹ ਦੌਰਾ ਆਰਐੱਸਐੱਸ ਦੇ ਸ਼ਤਾਬਦੀ ਵਰ੍ਹੇ ਦੌਰਾਨ ਹੋ ਰਿਹਾ ਹੈ।

**ਕਮਿਸ਼ਨ ਨੇ ਅਧਿਕਾਰੀਆਂ ਨੂੰ ਆਰਐੱਸਐੱਸ ਆਗੂਆਂ ਨਾਲ ਮੁਲਾਕਾਤਾਂ ਤੋਂ ਗੁਰੇਜ਼ ਕਰਨ ਲਈ ਕਿਹਾ**

### ਗੁਰਮਤਿ ਸੇਵਾ ਲਹਿਰ ਘੋਲੀਆ ਖੁਰਦ ਵੱਲੋਂ ਗ੍ਰੰਥੀ

# ਭਾਈ ਰੇਸ਼ਮ ਸਿੰਘ ਨੂੰ ਬੈਟਰੀਆਂ ਵਾਲਾ ਟਰਾਈ ਸਾਇਕਲ ਭੇਟ ਕੀਤਾ



**ਬਾਘਾਪੁਰਾਣਾ, 22 ਅਗਸਤ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ)**-ਗੁਰਦੁਆਰਾ ਸ਼ਹੀਦ ਬਾਬਾ ਜੀਵਨ ਸਿੰਘ ਪਿੰਡ ਘੋਲੀਆ ਖੁਰਦ ਵਿਖੇ ਗੁਰੂ ਘਰ ਦੇ ਹੈਡ ਗ੍ਰੰਥੀ ਭਾਈ ਰੇਸ਼ਮ ਸਿੰਘ ਖਾਲਸਾ ਨੂੰ ਗੁਰਮਤਿ ਸੇਵਾ ਲਹਿਰ ਘੋਲੀਆ ਖੁਰਦ ਵੱਲੋਂ ਟਰਾਈ ਸਾਈਕਲ ਜੋ ਬੈਟਰੀਆਂ ਤੇ ਚੱਲਦਾ ਹੈ ਭੇਟਾ ਕੀਤਾ ਗਿਆ ਹੈੱਡ ਗ੍ਰੰਥੀ ਭਾਈ ਰੇਸ਼ਮ ਸਿੰਘ ਜੋ ਕਾਫੀ ਲੰਬੇ ਸਮੇਂ ਤੋਂ ਪੋਲੀਓ ਵਾਲੀ ਲੱਤ ਟੁੱਟ ਜਾਣ ਕਰਕੇ ਰੈਸਟ ਤੇ ਸਨ ਉਹਨਾ ਨੂੰ ਆਉਣ ਜਾਣ ਦੀ ਬੜੀ ਦਿੱਕਤ ਸੀ ਜਿਸ ਕਰਕੇ ਗੁਰਮਤਿ ਸੇਵਾ ਲਹਿਰ ਨੇ ਉਹਨਾਂ ਦੀ ਲੋੜ ਮਹਿਸੂਸ ਕਰਦੇ ਹਾਂ ਅੱਜ ਉਹਨਾਂ ਨੂੰ ਸਤਿਕਾਰ ਵਜੋਂ ਭੇਟ ਕੀਤਾ ਗਿਆ ਹੈੱਡ ਗ੍ਰੰਥੀ ਭਾਈ ਰੇਸ਼ਮ ਸਿੰਘ ਖਾਲਸਾ ਜੋ ਲੰਮੇ ਸਮੇਂ ਤੋਂ ਗੁਰੂ ਘਰ ਦੀਆਂ ਸੇਵਾਵਾਂ ਨਿਭਾ ਰਹੇ ਹਨ ਇਸ ਸਮੇਂ ਭਾਈ ਬਲਵਿੰਦਰ ਸਿੰਘ, ਖਾਲਸਾ, ਪ੍ਰਚਾਰਕ ਅਤੇ ਕੀਰਤਨੀਏ ਭਾਈ ਅਜਮੇਰ ਸਿੰਘ ਖਾਲਸਾ ,ਭਾਈ ਅੰਮ੍ਰਿਤਪਾਲ ਸਿੰਘ ਖਾਲਸਾ, ਭਾਈ ਮਨਮੋਹਨ ਸਿੰਘ ਖਾਲਸਾ ਬੂਟਾ ਸਿੰਘ ਸੇਵਾਦਾਰ, ਬੇਅੰਤ ਸਿੰਘ ਤਬਲਾਵਾਦਕ, ਬੀਬੀ ਸਰਬਜੀਤ ਕੌਰ ਖਾਲਸਾ ਅਤੇ ਹੋਰ ਬੀਬੀਆਂ ਅਤੇ ਵੀਰ ਹਾਜ਼ਰ ਸਨ।

### ਖੰਡ ਮਿੱਲ ਮੋਰਚੇ ਦੇ 94 ਵੇਂ ਦਿਨ

# ਪੰਜਾਬ ਸਰਕਾਰ ਦੇ ਨਾਂਹਪੱਖੀ ਰਵੱਈਏ ਦੀ ਜੋਰਦਾਰ ਨਿੰਦਾ

**ਤਰਨ ਤਾਰਨ, 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਸੇਰੋਂ ਖੰਡ ਮਿੱਲ ਮੋਰਚੇ ਦੇ 94 ਵੇਂ ਦਿਨ ਸ਼ਨੀਵਾਰ ਨੂੰ ਸਯੁੰਕਤ ਕਿਸਾਨ ਮੋਰਚੇ ਦੇ ਆਗੂਆਂ ਨੇ ਭਗਵੰਤ ਮਾਨ ਸਰਕਾਰ ਦੇ ਨਾਂਹਪੱਖੀ ਰਵੱਈਏ ਵਿਰੁੱਧ ਜੋਰਦਾਰ ਨਾਅਰੇਬਾਜ਼ੀ ਕੀਤੀ। ਇਸ ਮੌਕੇ ਤੇ ਹਾਜ਼ਰ ਆਗੂਆਂ , ਨਛੱਤਰ ਸਿੰਘ ਪਨੂੰ. , ਗੁਰਪ੍ਰੀਤ ਸਿੰਘ ਗੰਡੀਵਿੰਡ , ਦਵਿੰਦਰ ਸੋਹਲ , ਜੱਸਾ ਸਿੰਘ ਕੱਦਗਿੱਲ , ਤਰਸੇਮ ਸਿੰਘ ਲੁਹਾਰ , ਡਾ. ਇੰਦਰਜੀਤ ਸਿੰਘ ਮਰਹਾਣਾ , ਸੁਖਚੈਨ ਸਿੰਘ ਸਰਹਾਲੀ , ਸੁਖਬਾਜ ਸਿੰਘ ਸਿੱਧੂ , ਸੂਬੇਦਾਰ ਤਾਰਾ ਸਿੰਘ, ਕੈਪਟਨ ਹਰਬੰਸ ਸਿੰਘ ਚੋਹਲਾ ਸਾਹਿਬ ਨੇ ਕੇਂਦਰ ਦੀ ਮੋਦੀ ਸਰਕਾਰ ਵਲੋਂ ਅਮਰੀਕਾ ਦੇ ਦਬਾਅ ਹੇਠ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤੇ ਨੂੰ ਕਿਸਾਨਾਂ ਮਜਦੂਰਾਂ ਲਈ ਘਾਤਕ ਦੱਸਦਿਆਂ ਕੇਂਦਰ ਸਰਕਾਰ ਵਿਰੁੱਧ ਵੱਡੀ ਲਾਮਬੰਦੀ ਕਰਨ ਦਾ ਸੱਦਾ ਦਿੱਤਾ। ਆਗੂਆਂ ਨੇ ਕੇਂਦਰ ਅਤੇ ਪੰਜਾਬ ਸਰਕਾਰ ਦੇ ਕਿਸਾਨ -ਮਜਦੂਰ ਵਿਰੋਧੀ ਵਤੀਰੇ ਖਿਲਾਫ਼ 1 ਸਤੰਬਰ ਤੋਂ ਚੰਡੀਗੜ੍ਹ ਵਿਖੇ ਸਯੁੰਕਤ ਕਿਸਾਨ ਮੋਰਚੇ ਵਲੋਂ ਲਗਾਏ ਜਾ ਰਹੇ ਪੱਕੇ ਮੋਰਚੇ ਵਿੱਚ ਕਿਸਾਨਾਂ ਨੂੰ ਵਹੀਰਾਂ ਘੱਤ ਕੇ ਪਹੁੰਚਣ ਦਾ ਸੱਦਾ ਦਿੱਤਾ । ਆਗੂਆਂ ਨੇ ਹਾਕਮ ਜਮਾਤਾਂ ਦੀ ਕਾਰਪੋਰੇਟ ਘਰਾਣਿਆਂ ਨਾਲ ਦੇਸ਼ ਨੂੰ ਲੁੱਟਣ ਲਈ ਬਣੀ ਸਾਂਝ ਦੀ ਤਿੱਖੀ ਨੁਕਤਾਚੀਨੀ ਕਰਦੇ ਹੋਏ ਕੇਂਦਰ ਦੀ ਮੋਦੀ ਸਰਕਾਰ ਤੇ ਦੇਸ਼ ਨੂੰ ਮੁੜ ਗਹਿਣੇ ਪਾਉਣ ਦੇ ਇਲਜ਼ਾਮ ਲਗਾਉਂਦਿਆਂ ਕਿਹਾ ਕਿ ਮੋਦੀ ਸਰਕਾਰ ਦੇਸ਼ ਨੂੰ ਮਹਿੰਗਾਈ ਦੀ ਅੱਗ ਵਿੱਚ ਝੋਕ ਕੇ ਪੂੰਜੀਪਤੀਆਂ ਦੇ ਢਿੱਡ ਭਰਨ ਲਈ ਮਿਹਨਤਕਸ਼ ਜਮਾਤ ਦੇ ਚੁੱਲੇ ਠੰਡੇ ਕਰਨ ਦੀ ਨੀਤੀ ਤੇ ਚਲ ਰਹੀ ਹੈ। ਜਿਸ ਨੂੰ ਦੇਸ਼ ਦੇ ਜੁਝਾਰੂ ਲੋਕ ਬਰਦਾਸ਼ਤ ਨਹੀਂ ਕਰਨਗੇ । ਆਗੂਆਂ ਨੇ ਖੰਡ ਮਿੱਲ ਚਾਲੂ ਕਰਨ ਅਤੇ ਮਿੱਲ ਦੀ ਕੀਮਤੀ ਜ਼ਮੀਨ ਵੇਚਣ ਦੇ ਮੁੱਦੇ ਤੇ ਪੰਜਾਬ ਸਰਕਾਰ ਦੀ ਵੱਟੀ ਚੁੱਪ ਤੇ ਅਫਸੋਸ ਜ਼ਾਹਰ ਕਰਦਿਆਂ ਚੇਤਾਵਨੀ ਭਰੇ ਲਹਿਜੇ ਵਿੱਚ ਪੰਜਾਬ ਸਰਕਾਰ ਨੂੰ ਤਾੜਨਾ ਕੀਤੀ ਕਿ ਇਸ ਸਾਜਸੀ ਢੰਗ ਨਾਲ ਵੱਟੀ ਚੁੱਪ ਦਾ ਖਮਿਆਜ਼ਾ ਭਗਵੰਤ ਮਾਨ ਸਰਕਾਰ ਨੂੰ ਵਿਧਾਨ ਸਭਾ ਚੋਣਾਂ ਮੌਕੇ ਭੁਗਤਨਾ ਪਵੇਗਾ।



# ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਬਜ਼ੁਰਗਾਂ ਲਈ ਸਪੈਸ਼ਲ ਮੁਹਿੰਮ ਤਹਿਤ ਵੰਡੀਆਂ ਐਨਕਾਂ



**ਤਲਵੰਡੀ ਸਾਬੋ, 22 ਅਗਸਤ (ਗੁਰਜੰਟ ਸਿੰਘ ਨਥੇਹਾ)**- ਪੰਜਾਬ ਸਰਕਾਰ ਦੀਆਂ ਹਦਾਇਤਾਂ, ਮਾਣਯੋਗ ਸਿਵਲ ਸਰਜਨ ਬਠਿੰਡਾ ਡਾ ਤਪਿੰਦਰਜੋਤ ਕੌਸ਼ਲ ਦੀ ਰਹਿਨੁਮਾਈ ਅਤੇ ਐਸ.ਐਮ.ਓ ਸਬ ਡਵੀਜ਼ਨਲ ਹਸਪਤਾਲ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਦੀ ਅਗਵਾਈ ਹੇਠ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਬਜ਼ੁਰਗਾਂ ਲਈ ਅੱਖਾਂ ਦੇ ਇਲਾਜ ਲਈ ਚਲਾਈ ਸਪੈਸ਼ਲ ਮੁਹਿੰਮ ਤਹਿਤ ਅੱਜ ਮਰੀਜ਼ਾਂ ਨੂੰ ਮੁਫਤ ਐਨਕਾਂ ਵੰਡੀਆਂ ਗਈਆਂ। ਇਸ ਮੌਕੇ ਡਾ. ਰਵੀ ਕਾਂਤ ਗੁਪਤਾ ਨੇ ਦੱਸਿਆ ਕਿ ਡਾ. ਨਿਰਣੈ ਸਿੰਘ ਮੈਡੀਕਲ ਅਫਸਰ ਵੱਲੋਂ ਬਜ਼ੁਰਗਾਂ ਲਈ ਅੱਖਾਂ ਦੇ ਇਲਾਜ ਲਈ ਚਲਾਈ ਜਾ ਰਹੀ ਸਪੈਸ਼ਲ ਮੁਹਿੰਮ ਤਹਿਤ ਅੱਜ ਸਿਵਲ ਹਸਪਤਾਲ ਤਲਵੰਡੀ ਸਾਬੋ ਵਿਖੇ ਉਨਾਂ ਵੱਲੋ ਚਿੱਟਾ ਮੋਤੀਆ, ਕਾਲਾ ਮੋਤੀਆ ਅਤੇ ਹੋਰ ਅੱਖਾਂ ਸਬੰਧੀ ਬਿਮਾਰੀਆਂ ਦੇ ਮਰੀਜ਼ਾਂ ਨੂੰ ਚੈੱਕ ਕਰਕੇ ਦਵਾਈਆਂ ਅਤੇ ਐਨਕਾਂ ਵੰਡੀਆਂ ਗਈਆਂ ਹਨ। ਉਨਾਂ ਦੱਸਿਆ ਕਿ ਅੱਜ ਕਾਲਾ ਮੋਤੀਆ ਦੇ 2 ਮਰੀਜ਼, ਚਿੱਟਾ ਮੋਤੀਆ ਦੇ 26 ਮਰੀਜ਼ ਅਤੇ 100 ਮਰੀਜ਼ਾਂ ਨੂੰ ਐਨਕਾਂ ਵੰਡੀਆਂ ਗਈਆਂ ਹਨ। ਉਨਾਂ ਕਿਹਾ ਕਿ ਇਸ ਮੁਹਿੰਮ ਤਹਿਤ ਇਲਾਜ ਨਾਲ ਬਜ਼ੁਰਗਾਂ ਨੂੰ ਬਹੁਤ ਫਾਇਦਾ ਹੋਵੇਗਾ ਅਤੇ ਭਵਿੱਖ ਵਿੱਚ ਵੀ ਮਰੀਜ਼ਾਂ ਦੀ ਸਹੂਲਤ ਲਈ ਅੱਖਾਂ ਦੇ ਇਲਾਜ ਲਈ ਮੁਹਿੰਮ ਚਲਾਈ ਜਾਵੇਗੀ। ਇਸ ਮੌਕੇ ਡਾ. ਨਿਰਣੈ ਸਿੰਘ ਮੈਡੀਕਲ ਅਫਸਰ ਅਤੇ ਸ਼੍ਰੀਮਤੀ ਸ਼ਵੇਤਾ ਅਪਥਾਲਮਿਕ ਅਫਸਰ ਹਾਜਰ ਸਨ।

## ਦਪਿੰਦਰ ਹੁੱਡਾ ਦਾ ਬਿਆਨ ਕਾਂਗਰਸ ਦੀ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ : ਸਿਮਰਨਜੀਤ ਸਿੰਘ ਮਾਨ



ਨਵੀਂ ਦਿੱਲੀ, 22 ਅਗਸਤ (ਮਨਪ੍ਰੀਤ ਸਿੰਘ ਖਾਲਸਾ): ਦਪਿੰਦਰ ਹੁੱਡਾ ਵੱਲੋਂ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਬਿਆਨ ਕਾਂਗਰਸ ਦੀ ਸਿੱਖ ਵਿਰੋਧੀ ਮਾਨਸਿਕਤਾ ਨੂੰ ਪ੍ਰਤੱਖ ਕਰਦਾ ਹੈ। ਕਾਂਗਰਸ ਨੇ ਪਹਿਲਾਂ ਹੀ ਸਿੱਖਾਂ ਅਤੇ ਪੰਜਾਬੀਆਂ ਨਾਲ ਬਲਿਊ ਸਟਾਰ, ਸਿੱਖ ਕਤਲੇਆਮ, ਝੂਠੇ ਪੁਲਿਸ ਮੁਕਾਬਲਿਆਂ, ਪੰਜਾਬ ਦੇ ਪਾਣੀਆਂ ਅਤੇ ਬਿਜਲੀ ਦੀ ਲੁੱਟ ਅਤੇ ਚੰਡੀਗੜ੍ਹ ਸਮੇਤ ਪੰਜਾਬ ਦੇ ਹੱਕਾਂ ਨਾਲ ਲੰਮੇ ਸਮੇਂ ਤੋਂ ਬੇਇਨਸਾਫ਼ੀ ਕੀਤੀ ਹੈ। ਅਜਿਹੇ ਹਾਲਾਤਾਂ ਵਿਚ ਸਿੱਖ ਕੌਮ ਦੇ ਕਾਤਲ ਸੱਜਣ ਕੁਮਾਰ ਵਰਗੇ ਵਿਅਕਤੀ ਨੂੰ ਰੋਲ ਮਾਡਲ ਦੱਸਣਾ ਸਿੱਖ ਮਨਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲਾ ਹੈ। ਇਹ ਪ੍ਰਤੀਕਰਮ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸ. ਸਿਮਰਨਜੀਤ ਸਿੰਘ ਮਾਨ ਨੇ ਦਪਿੰਦਰ ਹੁੱਡਾ ਦੇ ਬਿਆਨ ’ਤੇ ਦਿੱਤਾ। ਉਨ੍ਹਾਂ ਕਿਹਾ ਕਿ ਕਾਂਗਰਸ ਨੂੰ ਅਜਿਹੀ ਬਿਆਨਬਾਜ਼ੀ ਕਰਨ ਵਾਲੇ ਆਗੂ ਵਿਰੁੱਧ ਤੁਰੰਤ ਕਾਰਵਾਈ ਕਰਨੀ ਚਾਹੀਦੀ ਹੈ, ਨਹੀਂ ਤਾਂ ਇਸਦੇ ਸਿੱਖ ਕੌਮ ਵਿਚ ਗੰਭੀਰ ਰਾਜਨੀਤਿਕ ਨਤੀਜੇ ਨਿਕਲ ਸਕਦੇ ਹਨ। ਸ. ਮਾਨ ਨੇ ਕਿਹਾ ਕਿ ਭਾਜਪਾ-ਆਰਐਸਐਸ ਵੱਲੋਂ ਵੀ ਪੰਜਾਬ ਦੀਆਂ ਚੋਣਾਂ ਨੂੰ ਧਿਆਨ ਵਿਚ ਰੱਖ ਕੇ ਸਿੱਖ ਚਿਹਰਿਆਂ ਅਤੇ ਹੋਰ ਆਗੂਆਂ ਨੂੰ ਅੱਗੇ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਪੰਜਾਬ ਦੇ ਲੋਕ ਆਪਣੇ ਹੱਕਾਂ ਅਤੇ ਪਿਛਲੇ ਸਮੇਂ ਦੀਆਂ ਬੇਇਨਸਾਫ਼ੀਆਂ ਨੂੰ ਭੁੱਲੇ ਨਹੀਂ ਹਨ। ਉਨ੍ਹਾਂ ਪੰਜਾਬੀਆਂ, ਸਿੱਖ ਕੌਮ ਅਤੇ ਪੰਥਕ ਸੰਗਠਨਾਂ ਨੂੰ ਅਪੀਲ ਕੀਤੀ ਕਿ ਆਉਣ ਵਾਲੀਆਂ ਚੋਣਾਂ ਵਿਚ ਇਕਜੁੱਟ ਹੋ ਕੇ ਪੰਜਾਬ ਅਤੇ ਸਿੱਖ ਕੌਮ ਦੇ ਹਿੱਤਾਂ ਦੀ ਰਾਖੀ ਲਈ ਆਪਣੀ ਵੋਟ ਸ਼ਕਤੀ ਦੀ ਵਰਤੋਂ ਕਰਨ ਅਤੇ ਪੰਥਕ ਸਰਕਾਰ ਦੀ ਸਥਾਪਨਾ ਲਈ ਯਤਨ ਕਰਨ।

## ਨੀਲ ਗਰਗ ਸਪੋਕਸਪਰਸਨ ਨਿਯੁਕਤ, ਕਿਹਾ ; ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਲੋਕਾਂ ਨੂੰ ਕੀਤਾ ਜਾਵੇਗਾ ਵੱਧ ਤੋਂ ਵੱਧ ਜਾਗਰੂਕ



ਤਲਵੰਡੀ ਸਾਬੋ, 22 ਅਗਸਤ (ਗੁਰਜੰਟ ਸਿੰਘ ਨਥੇਹਾ)- ਆਮ ਆਦਮੀ ਪਾਰਟੀ ਦੀ ਹਾਈ ਕਮਾਂਡ ਵੱਲੋਂ ਪੰਜਾਬ ਮੀਡੀਅਮ ਇੰਡਸਟਰੀ ਡਿਵੈਲਪਮੈਂਟ ਬੋਰਡ ਦੇ ਚੇਅਰਮੈਨ ਨੀਲ ਗਰਗ ਨੂੰ ਪਾਰਟੀ ਸਪੋਕਸਪਰਸਨ (ਬੁਲਾਰਾ) ਨਿਯੁਕਤ ਕੀਤਾ ਗਿਆ ਹੈ। ਇਹ ਅਹੁਦਾ ਪ੍ਰਾਪਤ ਹੋਣ ਤੇ ਸ੍ਰੀ ਨੀਲ ਗਰਗ ਵੱਲੋਂ ਪਾਰਟੀ ਕਨਵੀਨਰ ਸ੍ਰੀ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਅਤੇ ਪੰਜਾਬ ਇੰਚਾਰਜ ਸ੍ਰੀ ਮੁਨੀਸ਼ ਸਿਸੋਦੀਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਇਸ ਅਹੁਦੇ ਨੂੰ ਪੂਰੀ ਇਮਾਨਦਾਰੀ ਅਤੇ ਮਿਹਨਤ ਨਾਲ ਨਿਭਾਉਣਗੇ। ਜਿਲ੍ਹੇ ਦੇ ਵੱਖ-ਵੱਖ ਅਹੁਦੇਦਾਰਾਂ ਤੇ ਵਰਕਰਾਂ ਵੱਲੋਂ ਸ੍ਰੀ ਨੀਲ ਗਰਗ ਨੂੰ ਪਾਰਟੀ ਬੁਲਾਰਾ ਨਿਯੁਕਤ ਕੀਤੇ ਜਾਣ ’ਤੇ ਵਧਾਈਆਂ ਦਿੱਤੀਆਂ ਗਈਆਂ। ਸ੍ਰੀ ਨੀਲ ਗਰਗ ਨੇ ਕਿਹਾ ਕਿ ਉਹਨਾਂ ਵੱਲੋਂ ਪਹਿਲਾਂ ਵੀ ਲੋਕ ਭਲਾਈ ਦੇ ਕੰਮਾਂ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ ਜਾ ਰਿਹਾ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਸੂਬਾ ਸਰਕਾਰ ਦੀਆਂ ਬੇਮਿਸਾਲ ਪ੍ਰਾਪਤੀਆਂ ਨੂੰ ਲੋਕਾਂ ਸਾਹਮਣੇ ਰੱਖਿਆ ਜਾਵੇਗਾ।

## ਸੱਜਣ ਕੁਮਾਰ ਨੂੰ ਰੋਲ ਮਾਡਲ ਦੱਸਣ ਵਾਲੇ ਦਿਪੇਂਦਰ ਹੁੱਡਾ ਸਿੱਖ ਪੰਥ ਕੋਲੋਂ ਮੰਗਣ ਮੁਆਫ਼ੀ: ਬੀਬੀ ਰਣਜੀਤ ਕੌਰ



ਨਵੀਂ ਦਿੱਲੀ 22 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਕਾਂਗਰਸੀ ਆਗੂ ਦਿਪੇਂਦਰ ਸਿੰਘ ਹੁੱਡਾ ਵੱਲੋਂ 1984 ਦੇ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਨੂੰ ‘ਰੋਲ ਮਾਡਲ’ ਦੱਸਣ ਦੀ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਸੀਨੀਅਰ ਮੈਂਬਰ ਬੀਬੀ ਰਣਜੀਤ ਕੌਰ ਨੇ ਸਖ਼ਤ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਜਿਹੜਾ ਵਿਅਕਤੀ 1984 ਦੇ ਬੇਗੁਨਾਹ ਸਿੱਖਾਂ ਦੇ ਕਤਲੇਆਮ ਨਾਲ ਜੁੜੇ ਮਾਮਲੇ ਵਿੱਚ ਦੋਸ਼ੀ ਠਹਿਰਾਇਆ ਜਾ ਚੁੱਕਾ ਹੈ, ਉਹ ਸਿੱਖ ਪੰਥ ਲਈ ਤਾਂ ਦੂਰ ਦੀ ਗੱਲ, ਕਿਸੇ ਵੀ ਇਨਸਾਫ਼ਪਸੰਦ ਸਮਾਜ ਲਈ ਰੋਲ ਮਾਡਲ ਨਹੀਂ ਹੋ ਸਕਦਾ। ਉਨ੍ਹਾਂ ਕਿਹਾ ਕਿ ਹੁੱਡਾ ਦਾ ਇਹ ਬਿਆਨ 1984 ਦੇ ਕਤਲੇਆਮ ਦੇ ਪੀੜਤ ਪਰਿਵਾਰਾਂ ਦੇ ਜ਼ਖ਼ਮਾਂ ’ਤੇ ਨਮਕ ਛਿੜਕਣ ਦੇ ਬਰਾਬਰ ਹੈ। ਬੀਬੀ ਰਣਜੀਤ ਕੌਰ ਨੇ ਕਿਹਾ ਕਿ 1984 ਵਿੱਚ ਹਜ਼ਾਰਾਂ ਸਿੱਖ ਪਰਿਵਾਰਾਂ ਨੇ ਆਪਣੇ ਪਿਆਰਿਆਂ ਨੂੰ ਗੁਆਇਆ, ਘਰ-ਬਾਰ ਉਜੜੇ ਅਤੇ ਵਿਧਵਾਵਾਂ ਤੇ ਬੱਚਿਆਂ ਨੇ ਦਹਾਕਿਆਂ ਤੱਕ ਇਨਸਾਫ਼ ਲਈ ਸੰਘਰਸ਼ ਕੀਤਾ। ਅਜਿਹੇ ਦਰਦਨਾਕ ਇਤਿਹਾਸ ਦੇ ਪਾਤਰ ਨੂੰ ‘ਰੋਲ ਮਾਡਲ’ ਦੱਸਣਾ ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਸਿੱਧਾ ਖਿਲਵਾੜ ਹੈ। ਉਨ੍ਹਾਂ ਕਿਹਾ ਕਿ ਦਿਪੇਂਦਰ ਹੁੱਡਾ ਨੂੰ ਆਪਣੇ ਬਿਆਨ ਦੀ ਗੰਭੀਰਤਾ ਸਮਝਦਿਆਂ ਤੁਰੰਤ ਆਪਣਾ ਬਿਆਨ ਵਾਪਸ ਲੈਣਾ ਚਾਹੀਦਾ ਹੈ ਅਤੇ ਸਿੱਖ ਪੰਥ ਤੇ 1984 ਦੇ ਪੀੜਤ ਪਰਿਵਾਰਾਂ ਕੋਲੋਂ ਜਨਤਕ ਤੌਰ ’ਤੇ ਮੁਆਫ਼ੀ ਮੰਗਣੀ ਚਾਹੀਦੀ ਹੈ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਸਿੱਖ ਕੌਮ ਆਪਣੇ ਸ਼ਹੀਦਾਂ ਅਤੇ ਪੀੜਤਾਂ ਦੇ ਦਰਦ ਦਾ ਮਜ਼ਾਕ ਬਣਾਉਣ ਵਾਲੇ ਕਿਸੇ ਵੀ ਬਿਆਨ ਨੂੰ ਚੁੱਪਚਾਪ ਬਰਦਾਸ਼ਤ ਨਹੀਂ ਕਰੇਗੀ।

### ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ 'ਚ ਹੋਈ

# ਅੰਤ੍ਰਿੰਗ ਕਮੇਟੀ ਦੀ ਇਕੱਤਰਤਾ 'ਚ ਲਏ ਅਹਿਮ ਫੈਸਲੇ



ਨਵੀਂ ਦਿੱਲੀ, 22 ਅਗਸਤ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਹੋਈ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਦੌਰਾਨ ਬੰਦੀ ਸਿੰਘਾਂ ਦੀ ਰਿਹਾਈ ਲਈ 29 ਅਗਸਤ ਨੂੰ ਸਮੂਹ ਗੁਰਦੁਆਰਾ ਸਾਹਿਬਾਨ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਮੂਹਿਕ ਅਰਦਾਸ ਕਰਨ ਦਾ ਫੈਸਲਾ ਕੀਤਾ ਗਿਆ। 27 ਅਗਸਤ ਨੂੰ ਅਖੰਡ ਪਾਠ ਸਾਹਿਬ ਆਰੰਭ ਹੋਣਗੇ। ਸ਼੍ਰੋਮਣੀ ਕਮੇਟੀ ਦੇ ਵਿਦਿਅਕ ਅਦਾਰਿਆਂ ਅਤੇ ਟਰੱਸਟਾਂ ਵਿਚ ਵੀ 29 ਅਗਸਤ ਨੂੰ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਕੇ ਅਰਦਾਸ ਕੀਤੀ ਜਾਵੇਗੀ। ਐਡਵੋਕੇਟ ਧਾਮੀ ਨੇ ਭਾਈ ਜਗਤਾਰ ਸਿੰਘ ਹਵਾਰਾ ਨੂੰ ਬਿਮਾਰ ਮਾਤਾ ਨੂੰ ਮਿਲਣ ਲਈ ਤੁਰੰਤ ਪੈਰੋਲ ਦੇਣ ਦੀ ਮੰਗ ਕਰਦਿਆਂ ਕਿਹਾ ਕਿ ਬੰਦੀ ਸਿੰਘਾਂ ਦੇ ਮਾਮਲੇ ਵਿਚ ਸਰਕਾਰਾਂ ਦੀ ਪਹੁੰਚ ਨਾ-ਇਨਸਾਫ਼ੀ ਵਾਲੀ ਹੈ। ਭਾਈ ਬਲਵੰਤ ਸਿੰਘ ਰਾਜੋਆਣਾ ਦੀ ਸਜ਼ਾ ਤਬਦੀਲੀ ਦਾ ਮਾਮਲਾ ਵੀ ਲੰਮੇ ਸਮੇਂ ਤੋਂ ਲਟਕ ਰਿਹਾ ਹੈ। ਅੰਤ੍ਰਿੰਗ ਕਮੇਟੀ ਨੇ ਸ੍ਰੀ ਦਰਬਾਰ ਸਾਹਿਬ ਸਮੂਹ ਵਿਖੇ ਭਾਈ ਗੁਰਦਾਸ ਜੀ ਅਤੇ ਸ਼ਹੀਦ ਭਾਈ ਮਨੀ ਸਿੰਘ ਜੀ ਦੀ ਯਾਦ ਵਿਚ ਯਾਦਗਾਰੀ ਅਸਥਾਨ ਬਣਾਉਣ ਨੂੰ ਸਿਧਾਂਤਕ ਪ੍ਰਵਾਨਗੀ ਦਿੱਤੀ। ਇਹ ਅਸਥਾਨ ਗੁਰਦੁਆਰਾ ਸ਼ਹੀਦ ਬਾਬਾ ਗੁਰਬਖ਼ਸ਼ ਸਿੰਘ ਜੀ ਦੇ ਦੋਵੇਂ ਪਾਸੇ ਬਣਾਏ ਜਾਣਗੇ। ਇਸੇ ਤਰ੍ਹਾਂ ਹਰੀਕੇ ਪੱਤਣ ਵਿਖੇ ਸ਼ਹੀਦ ਭਾਈ ਜਸਵੰਤ ਸਿੰਘ ਖਾਲੜਾ ਦੀ ਯਾਦਗਾਰ ਬਣਾਉਣ ਨੂੰ ਵੀ ਪ੍ਰਵਾਨਗੀ ਦਿੱਤੀ ਗਈ ਹੈ ਅਤੇ ਜਗ੍ਹਾ ਦੀ ਚੋਣ ਉਪਰੰਤ ਕੰਮ ਸ਼ੁਰੂ ਕੀਤਾ ਜਾਵੇਗਾ। ਇਸ ਤੋਂ ਇਲਾਵਾ ਮੀਰੀ ਪੀਰੀ ਮੈਡੀਕਲ ਕਾਲਜ, ਸ਼ਾਹਬਾਦ ਮਾਰਕੰਡਾ ਲਈ 2.5 ਕਰੋੜ ਰੁਪਏ ਦੀ ਸਹਾਇਤਾ ਰਾਸ਼ੀ ਮਨਜ਼ੂਰ ਕੀਤੀ ਗਈ। ਅੰਤ੍ਰਿੰਗ ਕਮੇਟੀ ਨੇ ਸਿੱਖ ਕਤਲੇਆਮ ਦੇ ਦੋਸ਼ੀ ਸੱਜਣ ਕੁਮਾਰ ਦੀ ਮੌਤ ਮਗਰੋਂ ਕਾਂਗਰਸੀ ਆਗੂਆਂ ਵੱਲੋਂ ਕੀਤੀ ਜਾ ਰਹੀ ਪ੍ਰਸ਼ੰਸਾ ਦੀ ਨਿੰਦਾ ਕਰਦਿਆਂ ਕਿਹਾ ਕਿ ਸਿੱਖ ਕਤਲੇਆਮ ਦੇ ਦੋਸ਼ੀਆਂ ਨੂੰ ਸਿਆਸੀ ਸਰਪ੍ਰਸਤੀ ਮਿਲਣਾ ਸਿੱਖਾਂ ਪ੍ਰਤੀ ਕਾਂਗਰਸ ਦੀ ਸੋਚ ਨੂੰ ਦਰਸਾਉਂਦਾ ਹੈ। ਇਸ ਦੇ ਨਾਲ ਹੀ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ 'ਤੇ ਹੋਏ ਹਮਲੇ ਅਤੇ ਐਡਮਨਟਨ ਦੇ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਸੇਵਾਦਾਰਾਂ 'ਤੇ ਹੋਏ ਹਮਲੇ ਦੀ ਸਖ਼ਤ ਨਿੰਦਾ ਕੀਤੀ ਗਈ। ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰੂ ਘਰਾਂ ਅੰਦਰ ਅਜਿਹੀਆਂ ਘਟਨਾਵਾਂ ਗੰਭੀਰ ਚਿੰਤਾ ਦਾ ਵਿਸ਼ਾ ਹਨ ਅਤੇ ਦੋਸ਼ੀਆਂ ਵਿਰੁੱਧ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ।

**ਬੰਦੀ ਸਿੰਘਾਂ ਦੀ ਚੜ੍ਹਦੀ ਕਲਾ ਅਤੇ ਰਿਹਾਈ ਲਈ ਸਮੂਹ ਗੁਰਦੁਆਰਾ ਸਾਹਿਬਾਨ ਵਿਖੇ 29 ਅਗਸਤ ਨੂੰ ਹੋਣਗੇ ਅਰਦਾਸ ਸਮਾਗਮ**

# ਹਸਪਤਾਲ ਤੇ ਕਚਹਿਰੀ ਵਿੱਚ ਜਾਂਦੀਆਂ ਰੂਹਾਂ ਨੇ, ਮੁੜਦੀਆਂ ਲਾਸ਼ਾਂ ਹੀ ਹੁੰਦੀਆਂ ਨੇ



**ਕਹਿੰਦੇ** ਨੇ ਹਸਪਤਾਲ ਉਹ ਥਾਂ ਹੈ ਜਿੱਥੇ ਜ਼ਿੰਦਗੀ ਬਚਾਉਣ ਦੀ ਕੋਸ਼ਿਸ਼ ਹੁੰਦੀ ਹੈ ਅਤੇ ਕਚਹਿਰੀ ਉਹ ਥਾਂ ਹੈ ਜਿੱਥੇ ਇਨਸਾਫ਼ ਦੀ ਉਮੀਦ ਲੈ ਕੇ ਮਨੁੱਖ ਜਾਂਦਾ ਹੈ। ਪਰ ਅੱਜ ਦੀ ਹਕੀਕਤ ਨੂੰ ਵੇਖੀਏ ਤਾਂ ਦਿਲ ਵਿੱਚੋਂ ਇੱਕ ਦਰਦਨਾਕ ਆਵਾਜ਼ ਨਿਕਲਦੀ ਹੈ"ਹਸਪਤਾਲ ਤੇ ਕਚਹਿਰੀ ਵਿੱਚ ਜਾਂਦੀਆਂ ਰੂਹਾਂ ਨੇ, ਮੁੜਦੀਆਂ ਲਾਸ਼ਾਂ ਹੀ ਹੁੰਦੀਆਂ ਨੇ।" ਇਹ ਸਿਰਫ਼ ਇੱਕ ਵਾਕ ਨਹੀਂ, ਸਗੋਂ ਉਸ ਸਮਾਜ ਦੀ ਤਸਵੀਰ ਹੈ ਜਿੱਥੇ ਇਨਸਾਨ ਆਪਣੀ ਜ਼ਿੰਦਗੀ, ਆਪਣਾ ਹੱਕ, ਆਪਣੀ ਇੱਜ਼ਤ ਅਤੇ ਆਪਣੀ ਆਸ ਲੈ ਕੇ ਪ੍ਰਬੰਧ ਦੇ ਦਰਵਾਜ਼ੇ ਖੜਕਾਉਂਦਾ ਹੈ, ਪਰ ਕਈ ਵਾਰ ਉੱਥੋਂ ਥੱਕਿਆ, ਟੁੱਟਿਆ ਅਤੇ ਅੰਦਰੋਂ ਮਰਿਆ ਹੋਇਆ ਵਾਪਸ ਆਉਂਦਾ ਹੈ। ਹਸਪਤਾਲ ਦਾ ਦਰਵਾਜ਼ਾ ਕਿਸੇ ਵੀ ਮਨੁੱਖ ਲਈ ਆਸ ਦਾ ਦਰਵਾਜ਼ਾ ਹੁੰਦਾ ਹੈ। ਜਦੋਂ ਕੋਈ ਮਰੀਜ਼ ਹਸਪਤਾਲ ਵਿੱਚ ਦਾਖ਼ਲ ਹੁੰਦਾ ਹੈ ਤਾਂ ਉਸ ਦੇ ਨਾਲ ਸਿਰਫ਼ ਇੱਕ ਸਰੀਰ ਨਹੀਂ ਹੁੰਦਾ; ਉਸ ਦੇ ਨਾਲ ਪੂਰੇ ਪਰਿਵਾਰ ਦੀਆਂ ਉਮੀਦਾਂ ਹੁੰਦੀਆਂ ਹਨ। ਮਾਂ ਆਪਣੇ ਪੁੱਤਰ ਲਈ ਦੁਆ ਕਰਦੀ ਹੈ, ਪਤਨੀ ਆਪਣੇ ਪਤੀ ਦੀ ਸਲਾਮਤੀ ਮੰਗਦੀ ਹੈ, ਬੱਚੇ ਆਪਣੇ ਪਿਤਾ ਦੇ ਘਰ ਵਾਪਸ ਆਉਣ ਦੀ ਉਡੀਕ ਕਰਦੇ ਹਨ। ਪਰ ਜਦੋਂ ਇਲਾਜ ਮਹਿੰਗਾ ਹੋ ਜਾਵੇ, ਦਵਾਈਆਂ ਆਮ ਆਦਮੀ ਦੀ ਪਹੁੰਚ ਤੋਂ ਬਾਹਰ ਹੋ ਜਾਣ ਅਤੇ ਪੈਸਾ ਇਲਾਜ ਦੀ ਪਹਿਲੀ ਸ਼ਰਤ ਬਣ ਜਾਵੇ, ਤਾਂ ਬਿਮਾਰੀ ਨਾਲ ਲੜਦਾ ਮਨੁੱਖ ਇੱਕ ਹੋਰ ਜੰਗ ਵਿੱਚ ਫਸ ਜਾਂਦਾ ਹੈ ਪੈਸੇ ਦੀ ਜੰਗ। ਕਈ ਵਾਰ ਹਸਪਤਾਲ ਵਿੱਚ ਡਾਕਟਰ ਦੀ ਕਮੀ ਨਹੀਂ ਹੁੰਦੀ, ਦਵਾਈ ਦੀ ਕਮੀ ਨਹੀਂ ਹੁੰਦੀ, ਤਕਨੀਕ ਦੀ ਕਮੀ ਨਹੀਂ ਹੁੰਦੀ; ਕਮੀ ਹੁੰਦੀ ਹੈ ਤਾਂ ਸਿਰਫ਼ ਮਨੁੱਖੀ ਹਮਦਰਦੀ ਦੀ। ਮਰੀਜ਼ ਇੱਕ "ਕੇਸ" ਬਣ ਜਾਂਦਾ ਹੈ ਅਤੇ ਉਸ ਦੇ ਪਿੱਛੇ ਖੜ੍ਹਾ ਪਰਿਵਾਰ ਇੱਕ "ਭੁਗਤਾਨ ਕਰਨ ਵਾਲਾ"। ਜਦੋਂ ਇਲਾਜ ਦੀ ਥਾਂ ਬਿੱਲ ਦੀ ਚਿੰਤਾ ਵੱਡੀ ਹੋ ਜਾਵੇ, ਤਾਂ ਮਰੀਜ਼ ਦਾ ਸਰੀਰ ਹੀ ਨਹੀਂ, ਉਸ ਦਾ ਪਰਿਵਾਰ ਵੀ ਹੌਲੀ-ਹੌਲੀ ਟੁੱਟਣ ਲੱਗਦਾ ਹੈ। ਇਸ ਦਾ ਮਤਲਬ ਇਹ ਨਹੀਂ ਕਿ ਹਰ ਹਸਪਤਾਲ ਜਾਂ ਹਰ ਡਾਕਟਰ ਬੇਹਿਸ ਹੈ। ਹਜ਼ਾਰਾਂ ਡਾਕਟਰ ਅਤੇ ਸਿਹਤ ਕਰਮਚਾਰੀ ਆਪਣੀ ਜਾਨ ਦੀ ਪਰਵਾਹ ਕੀਤੇ ਬਿਨਾਂ ਲੋਕਾਂ ਦੀ ਸੇਵਾ ਕਰਦੇ ਹਨ। ਪਰ ਸਵਾਲ ਉਸ ਪ੍ਰਬੰਧ ਦਾ ਹੈ ਜਿੱਥੇ ਇਲਾਜ ਇੱਕ ਹੱਕ ਦੀ ਥਾਂ ਕਈ ਵਾਰ ਇੱਕ ਮਹਿੰਗੀ ਸਹੂਲਤ ਬਣ ਜਾਂਦਾ ਹੈ। ਜੇ ਗਰੀਬ ਮਨੁੱਖ ਬਿਮਾਰ ਹੋਣ ਤੋਂ ਪਹਿਲਾਂ ਹੀ ਡਰ ਜਾਵੇ ਕਿ ਉਹ ਇਲਾਜ ਦਾ ਖਰਚਾ ਨਹੀਂ ਚੁੱਕ ਸਕੇਗਾ, ਤਾਂ ਸਮਾਜ ਦੀ ਤਰੱਕੀ ਉੱਤੇ ਸਵਾਲ ਖੜ੍ਹਾ ਹੋਣਾ ਸੁਭਾਵਿਕ ਹੈ। ਦੂਜੇ ਪਾਸੇ ਕਚਹਿਰੀ ਹੈ। ਕਚਹਿਰੀ ਦੇ ਦਰਵਾਜ਼ੇ ਉੱਤੇ ਲਿਖਿਆ "ਸਤਯਮੇਵ ਜਯਤੇ" ਮਨੁੱਖ ਨੂੰ ਆਸ ਦਿੰਦਾ ਹੈ ਕਿ ਆਖ਼ਰ ਸੱਚ ਦੀ ਜਿੱਤ ਹੋਵੇਗੀ। ਜਿਸ ਮਨੁੱਖ ਨਾਲ ਧੱਕਾ ਹੋਇਆ ਹੋਵੇ, ਜਿਸ ਦੀ ਜ਼ਮੀਨ ਖੋਹ ਲਈ ਗਈ ਹੋਵੇ, ਜਿਸ ਨਾਲ ਧੋਖਾ ਹੋਇਆ ਹੋਵੇ ਜਾਂ ਜਿਸ ਦੀ ਇੱਜ਼ਤ ਨੂੰ ਠੇਸ ਪਹੁੰਚੀ ਹੋਵੇ ਉਹ ਇਨਸਾਫ਼ ਦੀ ਆਸ ਵਿੱਚ ਅਦਾਲਤ ਜਾਂਦਾ ਹੈ। ਪਰ ਇਨਸਾਫ਼ ਦੀ ਲੰਮੀ ਉਡੀਕ ਕਈ ਵਾਰ ਮਨੁੱਖ ਦੀ ਪੂਰੀ ਜ਼ਿੰਦਗੀ ਖਾ ਜਾਂਦੀ ਹੈ। ਇੱਕ ਕੇਸ ਸਾਲਾਂ ਤੱਕ ਚੱਲਦਾ ਹੈ। ਤਾਰੀਖ਼ ਉੱਤੇ ਤਾਰੀਖ਼ ਆਉਂਦੀ ਹੈ। ਵਕੀਲ ਦੀ ਫੀਸ, ਸਫ਼ਰ ਦਾ ਖਰਚਾ, ਕਾਗਜ਼ਾਂ ਦੀ ਦੌੜ-ਭੱਜ ਅਤੇ ਮਾਨਸਿਕ ਪਰੇਸ਼ਾਨੀ ਇਹ ਸਭ ਮਿਲ ਕੇ ਇਨਸਾਫ਼ ਮੰਗਣ ਵਾਲੇ ਮਨੁੱਖ ਨੂੰ ਅੰਦਰੋਂ ਥਕਾ ਦਿੰਦੇ ਹਨ। ਜਿਸ ਦਿਨ ਉਹ ਕਚਹਿਰੀ ਵਿੱਚ ਪਹਿਲੀ ਵਾਰ ਆਇਆ ਸੀ, ਉਸ ਦੀਆਂ ਅੱਖਾਂ ਵਿੱਚ ਉਮੀਦ ਸੀ। ਸਾਲਾਂ ਬਾਅਦ ਉਹੀ ਅੱਖਾਂ ਥਕਾਵਟ ਨਾਲ ਭਰੀਆਂ ਹੁੰਦੀਆਂ ਹਨ। ਕਈ ਵਾਰ ਕੇਸ ਲੜਦਿਆਂ ਪੀੜ੍ਹੀ ਬਦਲ ਜਾਂਦੀ ਹੈ। ਜਿਸ ਨੇ ਮੁਕੱਦਮਾ ਸ਼ੁਰੂ ਕੀਤਾ ਸੀ, ਉਹ ਦੁਨੀਆ ਤੋਂ ਚਲਾ ਜਾਂਦਾ ਹੈ ਅਤੇ ਉਸ ਦੇ ਬੱਚੇ ਕੇਸ ਨੂੰ ਅੱਗੇ ਲੈ ਕੇ ਚੱਲਦੇ ਹਨ। ਜ਼ਮੀਨ ਦਾ ਝਗੜਾ ਹੋਵੇ ਤਾਂ ਜ਼ਮੀਨ ਨਾਲੋਂ ਵੱਧ ਪੈਸਾ ਕਾਗਜ਼ਾਂ ਅਤੇ ਵਕੀਲਾਂ ਉੱਤੇ ਲੱਗ ਜਾਂਦਾ ਹੈ। ਪਰਿਵਾਰਾਂ ਵਿੱਚ ਦੁਸ਼ਮਣੀਆਂ ਪੈਦਾ ਹੋ ਜਾਂਦੀਆਂ ਹਨ ਅਤੇ ਇੱਕ ਛੋਟਾ ਜਿਹਾ ਵਿਵਾਦ ਕਈ ਵਾਰ ਪੀੜ੍ਹੀਆਂ ਦੀ ਕੜਵਾਹਟ ਬਣ ਜਾਂਦਾ ਹੈ। ਇਸ ਲਈ "ਹਸਪਤਾਲ ਤੇ ਕਚਹਿਰੀ ਵਿੱਚ ਜਾਂਦੀਆਂ ਰੂਹਾਂ ਨੇ, ਮੁੜਦੀਆਂ ਲਾਸ਼ਾਂ ਹੀ ਹੁੰਦੀਆਂ ਨੇ" ਦਾ ਅਰਥ ਇਹ ਨਹੀਂ ਕਿ ਹਰ ਮਰੀਜ਼ ਮਰਦਾ ਹੈ ਜਾਂ ਹਰ ਮੁਕੱਦਮੇ ਵਿੱਚ ਇਨਸਾਫ਼ ਨਹੀਂ ਮਿਲਦਾ। ਇਸ ਦਾ ਡੂੰਘਾ ਅਰਥ ਇਹ ਹੈ ਕਿ ਕਈ ਲੋਕ ਇਨ੍ਹਾਂ ਸੰਸਥਾਵਾਂ ਤੱਕ ਪਹੁੰਚਦੇ-ਪਹੁੰਚਦੇ ਹੀ ਅੰਦਰੋਂ ਟੁੱਟ ਜਾਂਦੇ ਹਨ। ਹਸਪਤਾਲ ਵਿੱਚ ਕੋਈ ਆਪਣਾ ਸਰੀਰ ਲੈ ਕੇ ਜਾਂਦਾ ਹੈ ਅਤੇ ਕਚਹਿਰੀ ਵਿੱਚ ਕੋਈ ਆਪਣਾ ਹੱਕ। ਇੱਕ ਥਾਂ ਸਰੀਰ ਦਾ ਇਲਾਜ ਚਾਹੀਦਾ ਹੈ, ਦੂਜੀ ਥਾਂ ਜ਼ਖ਼ਮੀ ਨਿਆਂ ਦਾ। ਪਰ ਜੇ ਦੋਵੇਂ ਥਾਵਾਂ ਮਨੁੱਖ ਨੂੰ ਸਿਰਫ਼ ਪੈਸਾ, ਕਾਗਜ਼ ਅਤੇ ਪ੍ਰਕਿਰਿਆ ਹੀ ਨਜ਼ਰ ਆਵੇ, ਤਾਂ ਉਸ ਦੀ ਰੂਹ ਕਿੱਥੇ ਜਾਵੇ? ਸਮਾਜ ਦੀ ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਅਸੀਂ ਇਮਾਰਤਾਂ ਨੂੰ ਵੱਡਾ ਕਰਨ ਵਿੱਚ ਲੱਗੇ ਹਾਂ, ਪਰ ਪ੍ਰਬੰਧ ਨੂੰ ਮਨੁੱਖੀ ਬਣਾਉਣ ਵੱਲ ਘੱਟ ਧਿਆਨ ਦੇ ਰਹੇ ਹਾਂ। ਵੱਡੇ ਹਸਪਤਾਲ, ਵੱਡੀਆਂ ਕਚਹਿਰੀਆਂ, ਵੱਡੀਆਂ ਮਸ਼ੀਨਾਂ ਅਤੇ ਵੱਡੀਆਂ ਇਮਾਰਤਾਂ ਤਰੱਕੀ ਦੀ ਨਿਸ਼ਾਨੀ ਹੋ ਸਕਦੀਆਂ ਹਨ, ਪਰ ਅਸਲ ਤਰੱਕੀ ਉਦੋਂ ਹੋਵੇਗੀ ਜਦੋਂ ਇੱਕ ਗਰੀਬ ਮਰੀਜ਼ ਬਿਨਾਂ ਡਰ ਦੇ ਹਸਪਤਾਲ ਜਾ ਸਕੇ ਅਤੇ ਇੱਕ ਆਮ ਨਾਗਰਿਕ ਬਿਨਾਂ ਸਾਲਾਂ ਦੀ ਉਡੀਕ ਦੇ ਇਨਸਾਫ਼ ਪ੍ਰਾਪਤ ਕਰ ਸਕੇ। ਸਾਨੂੰ ਇਹ ਵੀ ਸਮਝਣਾ ਪਵੇਗਾ ਕਿ ਹਸਪਤਾਲ ਸਿਰਫ਼ ਡਾਕਟਰਾਂ ਦੀ ਜ਼ਿੰਮੇਵਾਰੀ ਨਹੀਂ ਅਤੇ ਕਚਹਿਰੀ ਸਿਰਫ਼ ਜੱਜਾਂ ਜਾਂ ਵਕੀਲਾਂ ਦੀ ਨਹੀਂ। ਇਹ ਪੂਰੇ ਸਮਾਜ ਦੀ ਜ਼ਿੰਮੇਵਾਰੀ ਹੈ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਸਿਹਤ ਸਹੂਲਤਾਂ ਆਮ ਮਨੁੱਖ ਤੱਕ ਪਹੁੰਚਣ। ਨਿਆਂ ਪ੍ਰਣਾਲੀ ਦੀ ਜ਼ਿੰਮੇਵਾਰੀ ਹੈ ਕਿ ਕੇਸਾਂ ਦਾ ਸਮੇਂ ਸਿਰ ਨਿਪਟਾਰਾ ਹੋਵੇ। ਵਕੀਲਾਂ ਦੀ ਜ਼ਿੰਮੇਵਾਰੀ ਹੈ ਕਿ ਕਾਨੂੰਨ ਨੂੰ ਸਿਰਫ਼ ਕਮਾਈ ਦਾ ਸਾਧਨ ਨਾ ਸਮਝਿਆ ਜਾਵੇ। ਡਾਕਟਰਾਂ ਦੀ ਜ਼ਿੰਮੇਵਾਰੀ ਹੈ ਕਿ ਮਰੀਜ਼ ਨੂੰ ਸਿਰਫ਼ ਬਿਮਾਰੀ ਨਹੀਂ, ਇੱਕ ਇਨਸਾਨ ਸਮਝਿਆ ਜਾਵੇ। ਅਤੇ ਸਾਡੀ ਵੀ ਜ਼ਿੰਮੇਵਾਰੀ ਹੈ ਕਿ ਅਸੀਂ ਆਪਣੇ ਹੱਕਾਂ ਅਤੇ ਫ਼ਰਜ਼ਾਂ ਬਾਰੇ ਜਾਗਰੂਕ ਹੋਈਏ। ਸਾਨੂੰ ਇੱਕ ਅਜਿਹੀ ਵਿਵਸਥਾ ਦੀ ਲੋੜ ਹੈ ਜਿੱਥੇ ਹਸਪਤਾਲ ਵਿੱਚ ਦਾਖ਼ਲ ਹੁੰਦੀ ਰੂਹ ਨੂੰ ਆਸ ਮਿਲੇ ਅਤੇ ਕਚਹਿਰੀ ਵਿੱਚ ਪਹੁੰਚਦੇ ਮਨੁੱਖ ਨੂੰ ਭਰੋਸਾ ਮਿਲੇ। ਜਿੱਥੇ ਪੈਸੇ ਦੀ ਥਾਂ ਮਨੁੱਖੀ ਜ਼ਿੰਦਗੀ ਦੀ ਕੀਮਤ ਵੱਡੀ ਹੋਵੇ ਅਤੇ ਤਾਰੀਖ਼ਾਂ ਦੀ ਥਾਂ ਇਨਸਾਫ਼ ਦੀ ਅਹਿਮੀਅਤ ਵੱਡੀ ਹੋਵੇ। ਕਿਉਂਕਿ ਮਨੁੱਖ ਸਿਰਫ਼ ਸਾਹ ਲੈਣ ਨਾਲ ਜ਼ਿੰਦਾ ਨਹੀਂ ਰਹਿੰਦਾ। ਉਸ ਨੂੰ ਉਮੀਦ ਵੀ ਚਾਹੀਦੀ ਹੈ। ਉਸ ਨੂੰ ਇਨਸਾਫ਼ ਵੀ ਚਾਹੀਦਾ ਹੈ। ਉਸ ਨੂੰ ਇੱਜ਼ਤ ਨਾਲ ਜੀਊਣ ਦਾ ਹੱਕ ਵੀ ਚਾਹੀਦਾ ਹੈ। ਹਸਪਤਾਲ ਤੋਂ ਮੁੜਦਾ ਹਰ ਮਨੁੱਖ ਲਾਸ਼ ਨਹੀਂ ਹੋਣਾ ਚਾਹੀਦਾ—ਉਸ ਦੇ ਹੱਥ ਵਿੱਚ ਜ਼ਿੰਦਗੀ ਹੋਣੀ ਚਾਹੀਦੀ ਹੈ। ਕਚਹਿਰੀ ਤੋਂ ਮੁੜਦਾ ਹਰ ਮਨੁੱਖ ਟੁੱਟਿਆ ਹੋਇਆ ਨਹੀਂ ਹੋਣਾ ਚਾਹੀਦਾ ਉਸ ਦੇ ਹੱਥ ਵਿੱਚ ਇਨਸਾਫ਼ ਹੋਣਾ ਚਾਹੀਦਾ ਹੈ। ਜਿਸ ਦਿਨ ਹਸਪਤਾਲ ਵਿੱਚ ਪੈਸੇ ਤੋਂ ਪਹਿਲਾਂ ਮਰੀਜ਼ ਨਜ਼ਰ ਆਵੇਗਾ ਅਤੇ ਕਚਹਿਰੀ ਵਿੱਚ ਕੇਸ ਤੋਂ ਪਹਿਲਾਂ ਇਨਸਾਨ ਨਜ਼ਰ ਆਵੇਗਾ, ਉਸ ਦਿਨ ਇਹ ਕੌੜੀ ਕਹਾਵਤ ਆਪਣਾ ਅਰਥ ਗੁਆ ਦੇਵੇਗੀ। ਉਸ ਦਿਨ ਹਸਪਤਾਲਾਂ ਵਿੱਚੋਂ ਸਿਰਫ਼ ਸਰੀਰ ਨਹੀਂ, ਬਚੀਆਂ ਹੋਈਆਂ ਜ਼ਿੰਦਗੀਆਂ ਵਾਪਸ ਆਉਣਗੀਆਂ ਅਤੇ ਕਚਹਿਰੀਆਂ ਵਿੱਚੋਂ ਸਿਰਫ਼ ਫ਼ਾਈਲਾਂ ਨਹੀਂ, ਬਹਾਲ ਹੋਇਆ ਭਰੋਸਾ ਘਰਾਂ ਨੂੰ ਵਾਪਸ ਜਾਵੇਗਾ। ਇਹੀ ਕਿਸੇ ਵੀ ਸੱਭਿਅਕ ਸਮਾਜ ਦੀ ਅਸਲ ਪਹਿਚਾਣ ਹੋਣੀ ਚਾਹੀਦੀ ਹੈ।

ਲਾਸਾਂ ਤਾਂ ਮਿੱਟੀ ਹੋ ਜਾਂਦੀਆਂ ਨੇ ਤੇ ਰੂਹਾਂ ਅਮਰ ਹੋ ਜਾਂਦੀਆ ਧੰਨਵਾਦ

**-ਜਸਵੰਤ ਗਰੇਵਾਲ ਜੱਸ**

## ਬਦਲਾਅ ਰੈਲੀ ਲਈ 1 ਸਤੰਬਰ ਦਿੱਲੀ ਚੱਲੋ ਦੀਆਂ ਤਿਆਰੀਆਂ ਲਈ ਜਥਾ ਮਾਰਚ ਪੂੰਜੀਵਾਦ ਦੀ ਥਾਂ ਸਮਾਜਵਾਦੀ ਬਦਲਾਅ ਦੀ ਲੋੜ - ਕਮਿਊਨਿਸਟ ਆਗੂ



**ਚੋਹਲਾ ਸਾਹਿਬ/ ਤਰਨ ਤਾਰਨ , 22 ਅਗਸਤ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਕਮਿਊਨਿਸਟ ਪਾਰਟੀ ਵਲੋਂ ਕੇਂਦਰ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ਼ 1 ਸਤੰਬਰ ਨੂੰ ਦਿੱਲੀ ਦੇ ਰਾਮਲੀਲ੍ਹਾ ਮੈਦਾਨ ਵਿੱਚ ਕੀਤੀ ਜਾ ਰਹੀ ਬਦਲਾਅ ਰੈਲੀ ਦੀ ਕਾਮਯਾਬੀ ਲਈ ਚਲ ਰਹੀ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਸਥਾਨਿਕ ਜ਼ਿਲ੍ਹਾ ਇਕਾਈ ਨੇ ਸ਼ਨੀਵਾਰ ਨੂੰ ਕਸਬਾ ਚੋਹਲਾ ਸਾਹਿਬ ਵਿਖੇ ਜਥਾ ਮਾਰਚ ਕਰਨ ਲਈ ਦੇਸ਼ ਭਗਤ ਬਾਬਾ ਸੁੱਚਾ ਸਿੰਘ ਚੋਹਲਾ ਸਾਹਿਬ ਦੀ ਯਾਦ ਵਿੱਚ ਬਣੀ ਯਾਦਗਾਰ ਤੋਂ ਕੇਂਦਰ ਸਰਕਾਰ ਖਿਲਾਫ਼ ਜੋਰਦਾਰ ਨਾਅਰੇਬਾਜ਼ੀ ਕਰਨ ਉਪਰੰਤ ਬਜ਼ਾਰ ਵਿੱਚ ਦੁਕਾਨਦਾਰਾਂ ਨੂੰ ਪੈਂਫਲਿਟ ਵੰਡ ਕੇ ਮੋਦੀ ਸਰਕਾਰ ਦੀਆਂ ਪੂੰਜੀਪਤੀਆਂ ਦੇ ਹਿੱਤ ਪੂਰਨ ਵਾਲੀਆਂ ਲੋਕ ਵਿਰੋਧੀ ਨੀਤੀਆਂ, ਅਤੇ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੇ ਦਬਾਅ ਹੇਠ ਮੋਦੀ ਸਰਕਾਰ ਵਲੋਂ ਕੀਤੇ ਜਾ ਰਹੇ ਮੁਕਤ ਵਪਾਰ ਸਮਝੌਤੇ ਵਿਰੁੱਧ ਲੋਕਾਂ ਨੂੰ ਜਾਗਰੂਕ ਕੀਤਾ। ਜਥਾ ਮਾਰਚ ਦੀ ਅਗਵਾਈ ਕਾਮਰੇਡ ਬਲਵਿੰਦਰ ਸਿੰਘ ਦਦੇਹਰ ਸਾਹਿਬ , ਪਰਮਜੀਤ ਸਿੰਘ ਚੋਹਲਾ ਸਾਹਿਬ ਅਤੇ ਸੂਬੇਦਾਰ ਲੇਖ ਸਿੰਘ ਨੇ ਕੀਤੀ। ਇਸ ਜਥਾ ਮਾਰਚ ਵਿੱਚ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾ. ਦਵਿੰਦਰ ਸੋਹਲ, ਮੀਤ ਸਕੱਤਰ ਕਾ. ਗੁਰਦਿਆਲ ਸਿੰਘ ਖਡੂਰ ਸਾਹਿਬ ਅਤੇ ਕੈਸ਼ੀਅਰ ਕਾ. ਗੁਰਪ੍ਰੀਤ ਸਿੰਘ ਗੰਡੀਵਿੰਡ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਦੇਸ਼ ਵਿੱਚ ਮੋਦੀ ਦੀ ਅਗਵਾਈ ਵਾਲੀ ਭਾਜਪਾ ਸਰਕਾਰ ਪੂੰਜੀਵਾਦੀ ਪ੍ਰਬੰਧ ਨੂੰ ਬੜਾਵਾ ਦੇਣ ਲਈ ਕਾਰਪੋਰੇਟ ਘਰਾਣਿਆਂ ਲਈ ਦੇਸ਼ ਦੀ ਸਮੁੱਚੀ ਮਿਹਨਤਕਸ਼ ਜਮਾਤ ਦੀ ਖੁੱਲੀ ਲੁੱਟ ਕਰਵਾ ਰਹੀ ਹੈ । ਆਗੂਆਂ ਨੇ ਕਿਹਾ ਕਿ ਦੇਸ਼ ਦੇ ਕਿਸਾਨਾਂ , ਮਜਦੂਰਾਂ ਸਮੇਤ ਪੂਰੀ ਮਿਹਨਤਕਸ਼ ਜਮਾਤ ਨੂੰ ਮੁਕਤ ਵਪਾਰ ਸਮਝੋਤਾ ਬਰਬਾਦ ਕਰ ਦੇਵੇਗਾ। ਆਗੂਆਂ ਨੇ ਕਿਹਾ ਕਿ ਦਿਨੋ - ਦਿਨ ਵੱਧ ਰਹੀ ਮਹਿੰਗਾਈ ਕਾਰਣ ਦੇਸ਼ ਦੀ ਲੋਕਾਈ ਲਈ ਆਮ ਵਰਤੋਂ ਵਿੱਚ ਆਉਣ ਵਾਲੀਆਂ ਵਸਤਾਂ ਖੰਡ ,ਘਿਓ , ਤੇਲ, ਦਾਲਾਂ, ਪੈਟਰੋਲ , ਡੀਜ਼ਲ ਗੈਸ ਸਮੇਤ ਹਰ ਚੀਜ਼ ਆਮ ਆਦਮੀ ਦੀ ਖਰੀਦ ਤੋਂ ਬਾਹਰ ਹੋ ਰਹੀਆਂ ਹਨ। ਹਾਕਮ ਜਮਾਤਾਂ ਮਹਿੰਗਾਈ ਰੋਕਣ ਲਈ ਕੋਈ ਕਦਮ ਨਹੀਂ ਉਠਾ ਰਹੀਆਂ। ਬੇਰੁਜ਼ਗਾਰੀ ਕਾਰਨ ਸਮਾਜ ਵਿੱਚ ਅਫਰਾ - ਤਫਰੀ ਵਾਲਾ ਮਾਹੌਲ ਚਲ ਰਿਹਾ ਹੈ।

ਆਗੂਆਂ ਨੇ 1 ਸਤੰਬਰ ਦੀ ਦਿੱਲੀ ਦੀ 'ਬਦਲਾਅ ਜ਼ਰੂਰੀ ਹੈ ' ਰੈਲੀ ਲਈ ਆਮ ਲੋਕਾਂ ਕੋਲੋਂ ਸਹਿਯੋਗ ਦੀ ਮੰਗ ਕੀਤੀ । ਆਗੂਆਂ ਨੇ ਕਿਹਾ ਕਿ ਹਰ ਕੰਮ ਮੰਗਦੇ ਹੱਥ ਨੂੰ ਕੰਮ ਦੀ ਗਰੰਟੀ ਹੋਵੇ, ਚੰਗੇ ਗੁਜ਼ਾਰੇ ਲਈ ਚੰਗਾ ਮਿਹਨਤਾਨਾ ਜ਼ਰੂਰੀ ਹੈ। ਹਰ ਬੱਚੇ ਲਈ ਮੁਫ਼ਤ ਤੇ ਲਾਜ਼ਮੀ ਸਕੂਲ ਸਿੱਖਿਆ ਸਾਂਝੀ ਸਕੂਲ ਪ੍ਰਣਾਲੀ ਰਾਹੀਂ ਜ਼ਰੂਰੀ ਹੈ। ਹਰ ਵਿਅਕਤੀ ਲਈ ਘੱਟੋ ਘੱਟ 10 ,000/- ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣ ਸਮੇਤ ਨਰੇਗਾ ਕਾਨੂੰਨ ਮੁੜ ਬਹਾਲ ਕਰਕੇ 200 ਦਿਨ ਕੰਮ ਤੇ 700 ਰੁਪਏ ਉਜਰਤ ਦੇਣ ਦੀ ਮੰਗ ਕੀਤੀ । ਆਗੂਆਂ ਨੇ ਕੇਂਦਰ ਸਰਕਾਰ ਵੱਲੋਂ ਪੰਜਾਬ ਨਾਲ ਕੀਤੇ ਜਾ ਰਹੇ ਵਿਤਕਰੇ ਨੂੰ ਬੰਦ ਕਰਨ , ਚੰਡੀਗੜ੍ਹ ਪੰਜਾਬ ਨੂੰ ਦੇਣ, ਪੰਜਾਬ ਦੇ ਪਾਣੀਆਂ ਤੇ ਪੰਜਾਬ ਦਾ ਪੂਰਾ ਹੱਕ ਦੇਣ ਦੀ ਕੇਂਦਰ ਸਰਕਾਰ ਕੋਲੋਂ ਮੰਗ ਕੀਤੀ । ਆਗੂਆਂ ਨੇ ਪੰਜਾਬ ਵਿੱਚ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਅਤੇ ਦਿਨ ਦਿਹਾੜੇ ਹੋ ਰਹੀਆਂ ਲੁੱਟਾਂ ਖੋਹਾਂ ਤੁਰੰਤ ਬੰਦ ਕਰਨ ਦੀ ਮੰਗ ਕੀਤੀ। ਇਹ ਜਥਾ ਮਾਰਚ ਚੋਹਲਾ ਸਾਹਿਬ ਤੋਂ ਨਿੱਕਾ ਚੋਹਲਾ , ਸੁਹਾਵਾ ,ਵਰਿਆਂ ਨਵੇਂ, ਪੁਰਾਣੇ ਹੁੰਦਾ ਹੋਇਆ ਨੌਸ਼ਹਿਰਾ ਪਨੂੰਆਂ ਕਸਬੇ ਵਿੱਚ ਹਾਕਮਾਂ ਖਿਲਾਫ਼ ਨਾਅਰੇਬਾਜ਼ੀ ਕਰਕੇ ਸਮਾਪਤ ਹੋਇਆ । ਇਸ ਮੌਕੇ ਹੋਰਨਾਂ ਤੋਂ ਇਲਾਵਾ ਸੇਵਾ ਸਿੰਘ , ਸੁਖਵੰਤ ਸਿੰਘ ਕਰਮੂੰਵਾਲਾ, ਸੁਰਜੀਤ ਸਿੰਘ ਚੋਹਲਾ, ਜਗਤਾਰ ਸਿੰਘ ਚੋਹਲਾ, ਹੀਰਾ ਸਿੰਘ ਚੋਹਲਾ ਸਮੇਤ ਕਈ ਆਗੂ ਹਾਜ਼ਰ ਸਨ।

## ਪਹਾੜਾਂ ਦੀ ਗੋਦ ਵਿੱਚ ਸਿੱਖਿਆ ਦੀ ਰੌਸ਼ਨੀ, ਸਰਕਾਰੀ ਪ੍ਰਾਇਮਰੀ ਸਕੂਲ ਥੜਾ ਝਿਕਲਾ

### ਪਹਾੜਾਂ ਦੀਆਂ ਉਚਾਈਆਂ ਨਾਲੋਂ ਵੀ ਉੱਚੇ ਹੋਣ ਬੱਚਿਆਂ ਦੇ ਸੁਪਨੇ, ਇਹੀ ਹੈ ਸਾਡੀ ਸਿੱਖਿਆ ਦਾ ਮਕਸਦ: ਡੀ.ਜੀ. ਸਿੰਘ

ਪਠਾਨਕੋਟ, 22 ਅਗਸਤ (ਆਵਾਜ਼ਿ ਕੌਮ ਬਿਊਰੋ) - ਸਕੂਲ ਸਿੱਖਿਆ ਵਿਭਾਗ ਵੱਲੋਂ ਸਰਕਾਰੀ ਸਕੂਲਾਂ ਵਿੱਚ ਗੁਣਵੱਤਾ ਭਰਪੂਰ ਸਿੱਖਿਆ ਅਤੇ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਮਾਨਯੋਗ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ੍ਰੀਮਤੀ ਕਮਲਦੀਪ ਕੌਰ ਜੀ ਦੀ ਰਹਿਨੁਮਾਈ ਹੇਠ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ੍ਰੀ ਡੀ.ਜੀ. ਸਿੰਘ ਵੱਲੋਂ ਪਹਾੜਾਂ ਦੀ ਗੋਦ ਵਿੱਚ ਵਸੇ ਸਰਕਾਰੀ ਪ੍ਰਾਇਮਰੀ ਸਕੂਲ ਥੜਾ ਝਿਕਲਾ ਦਾ ਵਿਸ਼ੇਸ਼ ਵਿਜ਼ਿਟ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਸਕੂਲ ਦੀਆਂ ਵਿੱਦਿਅਕ ਗਤੀਵਿਧੀਆਂ, ਵਿਦਿਆਰਥੀਆਂ ਦੇ ਸਿੱਖਣ ਪੱਧਰ, ਬੁਨਿਆਦੀ ਢਾਂਚੇ, ਉਪਲਬਧ ਸਹੂਲਤਾਂ ਅਤੇ ਵਿਦਿਆਰਥੀਆਂ ਦੀ ਪ੍ਰਗਤੀ ਦਾ ਬਾਰੀਕੀ ਨਾਲ ਜਾਇਜ਼ਾ ਲਿਆ ਗਿਆ। ਉਨ੍ਹਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੇ ਗਿਆਨ ਅਤੇ ਸਿੱਖਣ ਦੇ ਪੱਧਰ ਦੀ ਪਰਖ ਵੀ ਕੀਤੀ। ਇਸ ਸਬੰਧੀ ਜ਼ਿਲ੍ਹਾ ਸਿੱਖਿਆ ਅਫ਼ਸਰ (ਐਲੀਮੈਂਟਰੀ) ਸ੍ਰੀਮਤੀ ਕਮਲਦੀਪ ਕੌਰ ਨੇ ਕਿਹਾ ਕਿ ਵਿਭਾਗ ਦਾ ਮੁੱਖ ਉਦੇਸ਼ ਜ਼ਿਲ੍ਹੇ ਦੇ ਹਰ ਬੱਚੇ ਤੱਕ ਮਿਆਰੀ ਸਿੱਖਿਆ ਦੀ ਪਹੁੰਚ ਯਕੀਨੀ ਬਣਾਉਣਾ ਹੈ। ਉਨ੍ਹਾਂ ਕਿਹਾ ਕਿ "ਬੱਚਾ ਚਾਹੇ ਸ਼ਹਿਰੀ ਖੇਤਰ ਵਿੱਚ ਪੜ੍ਹਦਾ ਹੋਵੇ ਜਾਂ ਪਹਾੜਾਂ ਦੀਆਂ ਦੂਰ-ਦੁਰਾਡੇ ਵਾਦੀਆਂ ਵਿੱਚ, ਉਸ ਨੂੰ ਸਿੱਖਣ ਅਤੇ ਅੱਗੇ ਵਧਣ ਦੇ ਬਰਾਬਰ ਮੌਕੇ ਮਿਲਣੇ ਚਾਹੀਦੇ ਹਨ। ਸਮਰਪਿਤ ਅਧਿਆਪਕਾਂ ਦੀ ਮਿਹਨਤ ਸਿੱਖਿਆ ਦੇ ਇਸ ਸੁਪਨੇ ਨੂੰ ਸਾਕਾਰ ਕਰਨ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।" ਉਨ੍ਹਾਂ ਨੇ ਸਕੂਲ ਅਧਿਆਪਕ ਵੱਲੋਂ ਕੀਤੇ ਜਾ ਰਹੇ ਯਤਨਾਂ ਦੀ ਸ਼ਲਾਘਾ ਕਰਦਿਆਂ ਹੋਰ ਵੀ ਉਤਸ਼ਾਹ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸ੍ਰੀ ਡੀ.ਜੀ. ਸਿੰਘ ਨੇ ਕਿਹਾ ਕਿ ਪਹਾੜੀ ਅਤੇ ਚੁਣੌਤੀਪੂਰਨ ਹਾਲਾਤਾਂ ਦੇ ਬਾਵਜੂਦ ਸਕੂਲ ਅਧਿਆਪਕ ਸ੍ਰੀ ਥਾਮਸ ਵੱਲੋਂ ਬੱਚਿਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਅਤੇ ਉਨ੍ਹਾਂ ਦੇ ਸਰਵਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲੇ ਸ਼ਲਾਘਾਯੋਗ ਹਨ। ਉਨ੍ਹਾਂ ਕਿਹਾ, "ਸਹੂਲਤਾਂ ਦੀਆਂ ਸੀਮਾਵਾਂ ਬੱਚਿਆਂ ਦੇ ਸੁਪਨਿਆਂ ਦੀਆਂ ਸੀਮਾਵਾਂ ਨਹੀਂ ਬਣ ਸਕਦੀਆਂ। ਅਧਿਆਪਕ ਦੀ ਸਮਰਪਣ ਭਾਵਨਾ, ਮਿਹਨਤ ਅਤੇ ਦ੍ਰਿੜ੍ਹ ਇਰਾਦਾ ਹੀ ਸਕੂਲ ਦੀ ਅਸਲ ਤਾਕਤ ਹੁੰਦਾ ਹੈ। ਉਨ੍ਹਾਂ ਨੇ ਕਿਹਾ ਕਿ ਸਿੱਖਿਆ ਵਿਭਾਗ ਵੱਲੋਂ ਦੂਰ-ਦੁਰਾਡੇ ਅਤੇ ਪਹਾੜੀ ਖੇਤਰਾਂ ਵਿੱਚ ਸਥਿਤ ਸਕੂਲਾਂ ਵਿੱਚ ਲੋੜੀਂਦੀਆਂ ਸਹੂਲਤਾਂ ਯਕੀਨੀ ਬਣਾਉਣ ਅਤੇ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੋਈ ਵੀ ਬੱਚਾ ਭੂਗੋਲਿਕ ਦੂਰੀ ਜਾਂ ਮੁਸ਼ਕਲ ਹਾਲਾਤਾਂ ਕਾਰਨ ਸਿੱਖਿਆ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਅੰਤ ਵਿੱਚ ਉਨ੍ਹਾਂ ਅਧਿਆਪਕ ਸ੍ਰੀ ਥਾਮਸ ਦੀ ਹੌਸਲਾ ਅਫ਼ਜ਼ਾਈ ਕਰਦਿਆਂ ਕਿਹਾ ਕਿ ਪਹਾੜੀ ਖੇਤਰਾਂ ਦੇ ਬੱਚਿਆਂ ਦੇ ਸੁਪਨਿਆਂ ਨੂੰ ਉਡਾਣ ਦੇਣ ਲਈ ਅਜਿਹੇ ਸਮਰਪਿਤ ਅਧਿਆਪਕਾਂ ਦੀ ਭੂਮਿਕਾ ਬੇਹੱਦ ਮਹੱਤਵਪੂਰਨ ਹੈ। ਇਸ ਮੌਕੇ ਸਮਾਰਟ ਸਕੂਲ ਕੋਆਰਡੀਨੇਟਰ ਸੰਜੀਵ ਮਨੀ, ਬਲਕਾਰ ਅੱਤਰੀ ਆਦਿ ਹਾਜ਼ਰ ਸਨ।